ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

ਸਾਂਝੀ ਸੋਚ
SANJHI SOCH
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2579 | 8 September, 2026 Tuesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

# ਪਾਕਿਸਤਾਨ ਦੀ ਕਪਤਾਨ 'ਤੇ ਭਾਰਤ ਖ਼ਿਲਾਫ਼ ਮੈਚ ਤੋਂ ਬਾਅਦ ਲਗਾਇਆ ਗਿਆ ਜੁਰਮਾਨਾ

**ਨਵੀਂ ਦਿੱਲੀ ਸਾਂਝੀ ਸੋਚ ਬਿਊਰੋ**

ਪਾਕਿਸਤਾਨ ਦੀ ਕਪਤਾਨ ਫ਼ਾਤਿਮਾ ਸਨਾ 'ਤੇ ਭਾਰਤ ਖ਼ਿਲਾਫ਼ ਮੈਚ ਤੋਂ ਬਾਅਦ ਜੁਰਮਾਨਾ ਲਗਾਇਆ ਗਿਆ ਹੈ। ਭਾਰਤੀ ਸਲਾਮੀ ਬੱਲੇਬਾਜ਼ ਸ਼ੈਫਾਲੀ ਵਰਮਾ ਨੂੰ ਮਹਿਲਾ ਏਸ਼ੀਆ ਕੱਪ ਦੇ ਗਰੁੱਪ ਮੈਚ ਦੌਰਾਨ ਆਊਟ ਕਰਨ ਤੋਂ ਬਾਅਦ 'ਅਪਮਾਨਜਨਕ ਇਸ਼ਾਰਾ' ਕਰਨ ਲਈ ਪਾਕਿਸਤਾਨ ਦੀ ਕਪਤਾਨ ਫ਼ਾਤਿਮਾ ਸਨਾ 'ਤੇ ਮੈਚ ਫੀਸ ਦਾ 10 ਫ਼ੀਸਦੀ ਜੁਰਮਾਨਾ ਲਗਾਇਆ ਗਿਆ ਹੈ।



ਅੰਤਰਰਾਸ਼ਟਰੀ ਕ੍ਰਿਕਟ ਕੌਂਸਲ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਇਹ ਘਟਨਾ ਸ਼ਨੀਵਾਰ (5 ਸਤੰਬਰ) ਨੂੰ ਭਾਰਤ ਦੀ ਪਾਰੀ ਦੇ ਦੂਜੇ ਓਵਰ ਵਿੱਚ ਵਾਪਰੀ ਜਦੋਂ ਸ਼ੈਫਾਲੀ ਵਰਮਾ ਨੂੰ ਆਊਟ ਕਰਨ ਤੋਂ ਬਾਅਦ ਫ਼ਾਤਿਮਾ ਨੇ ਪੈਵੇਲੀਅਨ ਵੱਲ ਇਸ਼ਾਰਾ ਕੀਤਾ। ਫ਼ਾਤਿਮਾ ਨੂੰ ਆਈ.ਸੀ.ਸੀ. ਦੀ ਖਿਡਾਰੀਆਂ ਅਤੇ ਖਿਡਾਰੀਆਂ ਦੇ ਸਹਿਯੋਗੀ ਸਟਾਫ਼ ਨਾਲ ਸਬੰਧਤ ਅਚਾਰ ਸੰਹਿਤਾ ਦੇ ਲੈਵਲ ਇੱਕ ਦੇ ਨਿਯਮ 2.5 ਦੀ ਉਲੰਘਣਾ ਦਾ ਦੋਸ਼ੀ ਪਾਇਆ ਗਿਆ। ਇਹ ਨਿਯਮ ਅੰਤਰਰਾਸ਼ਟਰੀ ਮੈਚ ਦੌਰਾਨ ਕਿਸੇ ਬੱਲੇਬਾਜ਼ ਦੇ ਆਊਟ ਹੋਣ 'ਤੇ ਅਜਿਹੀ ਭਾਸ਼ਾ, ਹਰਕਤ ਜਾਂ ਇਸ਼ਾਰੇ ਕਰਨ ਨਾਲ ਸਬੰਧਤ ਹੈ ਜੋ ਬੱਲੇਬਾਜ਼ ਦਾ ਅਪਮਾਨ ਕਰਦੇ ਹੋਣ ਜਾਂ ਉਸ ਨੂੰ ਆਕ੍ਰਾਮਕ ਪ੍ਰਤੀਕਿਰਿਆ ਲਈ ਉਕਸਾ ਸਕਦੇ ਹੋਣ। ਇਸ ਤੋਂ ਇਲਾਵਾ ਫ਼ਾਤਿਮਾ ਦੇ ਅਨੁਸ਼ਾਸਨੀ ਰਿਕਾਰਡ ਵਿੱਚ ਇੱਕ ਡਿਮੈਰਿਟ ਅੰਕ ਹੋਰ ਜੋੜ ਦਿੱਤਾ ਗਿਆ ਹੈ ਕਿਉਂਕਿ 24 ਮਹੀਨਿਆਂ ਵਿੱਚ ਇਹ ਉਨ੍ਹਾਂ ਦੀ ਦੂਜੀ ਗ਼ਲਤੀ ਹੈ।

# ਦਿਨ ਵਿੱਚ ਹਨੇਰਾ ਕਰਨ ਵਾਲਾ ਤੂਫਾਨ 'ਕ੍ਰੋਵਾਨ' ਹੋਇਆ ਐਕਟਿਵ, ਅਗਲੇ 48 ਘੰਟੇ ਬਹੁਤ ਮੁਸ਼ਕਲ

**ਜਪਾਨ ਸਾਂਝੀ ਸੋਚ ਬਿਊਰੋ**

ਜਾਪਾਨ ਦੇ ਕਈ ਇਲਾਕਿਆਂ ਵਿੱਚ ਇਸ ਤੂਫਾਨ ਨੇ ਅਜਿਹੀ ਭਾਰੀ ਤਬਾਹੀ ਮਚਾਈ ਕਿ ਹਰ ਪਾਸੇ ਪਾਣੀ ਹੀ ਪਾਣੀ ਨਜ਼ਰ ਆਉਣ ਲੱਗਾ ਹੈ। ਸਭ ਤੋਂ ਬੁਰਾ ਹਾਲ ਇਜ਼ੂ ਟਾਪੂ ਸਮੂਹ ਅਤੇ ਹਾਚੀਜੋਜੀਮਾ ਦਾ ਹੈ, ਜਿੱਥੇ ਫਲੈਸ਼ ਫਲੱਡ ਵਰਗੇ ਹਾਲਾਤ ਹੋ ਗਏ ਹਨ। ਮੌਸਮ ਵਿਭਾਗ ਨੇ ਖਤਰੇ ਦੀ ਘੰਟੀ ਵਜਾਉਂਦੇ ਹੋਏ ਭਾਰੀ ਬਾਰਿਸ਼ ਦਾ ਅਲਰਟ ਜਾਰੀ ਕਰ ਦਿੱਤਾ ਹੈ ਅਤੇ ਕੋਸਟਲ ਇਲਾਕਿਆਂ ਵਿੱਚ ਰਹਿਣ ਵਾਲੇ ਲੋਕਾਂ ਦੀਆਂ ਸਾਹਾਂ ਅਟਕੀਆਂ ਹੋਈਆਂ ਹਨ। ਸਮੁੰਦਰ ਵਿੱਚ ਘੱਟ ਦਬਾਅ ਬਣਨ ਨਾਲ ਚੱਕਰਵਾਤੀ ਤੂਫਾਨ 'ਕ੍ਰੋਵਾਨ੍ਹ' ਖੜ੍ਹਾ ਹੋ ਗਿਆ। ਮੌਸਮ ਦੇ ਇੱਕ ਦੂਜੇ ਸਿਸਟਮ ਦੇ ਐਕਟਿਵ ਹੋਣ ਨਾਲ ਇਸ ਤੂਫਾਨ ਦੀ ਤਾਕਤ ਕਈ ਗੁਣਾ ਵੱਧ ਗਈ। ਐਤਵਾਰ ਨੂੰ ਲੋਕ ਘਰਾਂ ਵਿੱਚ ਹੀ ਸਨ, ਉਦੋਂ ਅਚਾਨਕ ਮੌਸਮ ਦਾ ਮਿਜਾਜ਼ ਬਦਲਿਆ ਅਤੇ ਮੂਸਲਾਧਾਰ ਬਾਰਿਸ਼ ਹੋਣ ਲੱਗੀ। ਮੌਸਮ ਵਿਗਿਆਨੀਆਂ ਦਾ ਕਹਿਣਾ ਹੈ ਕਿ ਇਹ ਤੂਫਾਨ ਇੰਨੀ ਤੇਜ਼ੀ ਨਾਲ ਅੱਗੇ ਵਧਿਆ ਕਿ ਲੋਕਾਂ ਨੂੰ ਸੰਭਲਣ ਦਾ ਜ਼ਿਆਦਾ ਵਕਤ ਹੀ ਨਹੀਂ ਮਿਲਿਆ। ਜਿਵੇਂ ਹੀ ਤੂਫਾਨ ਤੱਟੀ ਇਲਾਕਿਆਂ ਦੇ ਕਰੀਬ ਪਹੁੰਚਿਆ, ਹਵਾ ਦੀ ਰਫਤਾਰ ਅਚਾਨਕ ਵੱਧ ਗਈ ਅਤੇ ਬੱਦਲਾਂ ਦੀ ਗਰਜਨਾ ਦੇ ਨਾਲ ਬਾਰਿਸ਼ ਤੇਜ਼ ਹੋ ਗਈ। ਜਾਪਾਨ ਦੇ ਨੀਵੇਂ ਇਲਾਕਿਆਂ ਵਿੱਚ ਦੇਖਦੇ ਹੀ ਦੇਖਦੇ ਸੜਕਾਂ 'ਤੇ ਪਾਣੀ ਜਮ੍ਹਾਂ ਹੋਣਾ ਸ਼ੁਰੂ ਹੋ ਗਿਆ, ਜਿਸ ਨਾਲ ਲੋਕਾਂ ਦੀਆਂ ਮੁਸ਼ਕਲਾਂ ਕਾਫੀ ਵੱਧ ਗਈਆਂ। ਤੂਫਾਨ ਦਾ ਸਭ ਤੋਂ ਭਿਆਨਕ ਅਸਰ ਦੱਖਣੀ ਇਜ਼ੂ ਟਾਪੂ ਸਮੂਹ ਵਿੱਚ ਸਥਿਤ ਹਾਚੀਜੋਜੀਮਾ ਇਲਾਕੇ ਵਿੱਚ ਦੇਖਣ ਨੂੰ ਮਿਲਿਆ ਹੈ। ਸ਼ਨੀਵਾਰ ਰਾਤ ਤੋਂ ਹੀ ਇੱਥੇ ਰੁਕ-ਰੁਕ ਕੇ ਬਾਰਿਸ਼ ਹੋ ਰਹੀ ਸੀ, ਪਰ ਰਾਤ ਢਲਦੇ-ਢਲਦੇ ਮੌਸਮ ਦਾ ਮਿਜਾਜ਼ ਪੂਰੀ ਤਰ੍ਹਾਂ ਵਿਗੜ ਗਿਆ। ਐਤਵਾਰ ਤੜਕੇ ਅਸਮਾਨ ਵਿੱਚ ਅਜਿਹੇ ਕਾਲੇ ਘਣੇ ਬੱਦਲ ਛਾਏ ਕਿ ਦਿਨ ਵਿੱਚ ਹੀ ਹਨੇਰਾ ਲੱਗਣ ਲੱਗਾ। ਜਾਪਾਨ ਦੀ ਮੌਸਮ ਏਜੰਸੀ ਦੇ ਰਿਕਾਰਡ ਮੁਤਾਬਕ, ਹਾਚੀਜੋਜੀਮਾ ਵਿੱਚ ਸਿਰਫ ਇੱਕ ਘੰਟੇ ਦੇ ਅੰਦਰ ਲਗਭਗ 110 ਮਿਲੀਮੀਟਰ ਬਾਰਿਸ਼ ਦਰਜ ਕੀਤੀ ਗਈ। ਇਹ ਬਾਰਿਸ਼ ਇੰਨੀ ਤੇਜ਼ ਸੀ ਕਿ ਪਾਣੀ ਦੀ ਨਿਕਾਸੀ ਦੇ ਸਾਰੇ ਇੰਤਜ਼ਾਮ ਫੇਲ੍ਹ ਹੋ ਗਏ। ਪੱਕੇ ਰਸਤੇ, ਖੇਤ ਅਤੇ ਗਲੀਆਂ ਸਭ ਜਲਮਗਨ ਹੋ ਗਏ। ਇੱਕ ਘੰਟੇ ਵਿੱਚ 110 ਮਿਮੀ ਬਾਰਿਸ਼ ਹੋਣਾ ਬੇਹੱਦ ਖਤਰਨਾਕ ਮੰਨਿਆ ਜਾਂਦਾ ਹੈ, ਕਿਉਂਕਿ ਇੰਨੇ ਘੱਟ ਸਮੇਂ ਵਿੱਚ ਇੰਨਾ ਪਾਣੀ ਹੜ੍ਹ ਅਤੇ ਲੈਂਡਸਲਾਈਡ ਦੇ ਖਤਰੇ ਨੂੰ ਕਈ ਗੁਣਾ ਵਧਾ ਦਿੰਦਾ ਤੂਫਾਨ ਕ੍ਰੋਵਾਨ੍ਹ ਸਿਰਫ ਬਾਰਿਸ਼ ਹੀ ਨਹੀਂ ਲਿਆਇਆ ਹੈ, ਬਲਕਿ ਇਸਦੇ ਨਾਲ ਤੇਜ਼ ਹਵਾਵਾਂ ਅਤੇ ਸਮੁੰਦਰ ਵਿੱਚ ਉੱਠਣ ਵਾਲੀਆਂ ਉੱਚੀਆਂ ਲਹਿਰਾਂ ਨੇ ਵੀ ਦਹਿਸ਼ਤ ਫੈਲਾ ਦਿੱਤੀ ਹੈ। ਤੱਟੀ ਇਲਾਕਿਆਂ ਵਿੱਚ ਤੂਫਾਨੀ ਹਵਾਵਾਂ ਇੰਨੀਆਂ ਤੇਜ਼ ਚੱਲ ਰਹੀਆਂ ਹਨ ਕਿ ਸੜਕ ਕਿਨਾਰੇ ਲੱਗੇ ਰੁੱਖ-ਪੌਦੇ ਅਤੇ ਹੋਰਡਿੰਗਜ਼ ਉਖੜਨ ਦੀ ਕਗਾਰ 'ਤੇ ਪਹੁੰਚ ਚੁੱਕੇ ਹਨ। ਸਮੁੰਦਰ ਵਿੱਚ ਕਈ ਮੀਟਰ ਉੱਚੀਆਂ ਤੂਫਾਨੀ ਲਹਿਰਾਂ ਉੱਠ ਰਹੀਆਂ ਹਨ। ਇਸਨੂੰ ਦੇਖਦੇ ਹੋਏ ਪ੍ਰਸ਼ਾਸਨ ਨੇ ਸਾਰੀਆਂ ਤਰ੍ਹਾਂ ਦੀ ਜਹਾਜ਼ਰਾਨੀ, ਬੋਟਿੰਗ ਅਤੇ ਮੱਛੀ ਫੜਨ ਦੀਆਂ ਗਤੀਵਿਧੀਆਂ 'ਤੇ ਪੂਰੀ ਤਰ੍ਹਾਂ ਨਾਲ ਰੋਕ ਲਗਾ ਦਿੱਤੀ ਹੈ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact #
+1 (209) 303-1260

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com
www.thepalfilms.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and
Post Cards to promote your business
BUSINESS CARD DESIGN
WE DESIGN YOUR
BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
For more information call
Boota Singh Basi +1 (209) 303-1260

ਸਾਂਝੀ ਸੋਚ
SANJHI SOCH
www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖ਼ੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਵੋਟ, ਸਰਕਾਰ ਜਾਂ ਨਾਗਰਿਕ: ਕਿਸ ਦੀ ਜ਼ਿੰਮੇਵਾਰੀ?



SANJHI SOCH
ਗੁਰਮੀਤ ਸਿੰਘ ਪਲਾਹੀ
98158-02070

ਦੇਸ਼ ਵਿੱਚ ਇਸ ਵੇਲੇ ਕੁੱਲ 98 ਕਰੋੜ ਤੋਂ ਵੱਧ (ਲਗਭਗ 97.97 ਕਰੋੜ) ਰਜਿਸਟਰਡ ਵੋਟਰ ਹਨ। ਦੇਸ਼ ਦੇ ਲਗਭਗ ਸਾਰੇ ਸੂਬਿਆਂ ਵਿੱਚ ਐਸ.ਆਈ.ਆਰ. (ਵੋਟਰ ਸੂਚੀ ਦੀ ਸ਼ੁੱਧਤਾ ਪ੍ਰਕਿਰਿਆ) ਪੂਰੀ ਹੋ ਚੁੱਕੀ ਹੈ। ਹੁਣ ਤੱਕ ਦੀਆਂ ਰਿਪੋਰਟਾਂ ਅਨੁਸਾਰ ਇਸ ਪ੍ਰਕਿਰਿਆ ਦੌਰਾਨ ਲਗਭਗ 13 ਕਰੋੜ ਵੋਟਾਂ ਕੱਟੀਆਂ ਜਾ ਚੁੱਕੀਆਂ ਹਨ, ਜੋ ਕਿ ਦੇਸ਼ ਦੀਆਂ ਕੁੱਲ ਵੋਟਾਂ ਦਾ ਲਗਭਗ 14 ਫ਼ੀਸਦੀ ਬਣਦਾ ਹੈ। ਦੇਸ਼ ਦੇ ਚੋਣ ਕਮਿਸ਼ਨ ਅਨੁਸਾਰ ਇਹ ਅਭਿਆਸ ਵੋਟਰ ਸੂਚੀ ਨੂੰ ਸਾਫ਼-ਸੁਥਰਾ ਅਤੇ ਨਿਰਪੱਖ ਬਣਾਉਣ ਲਈ ਕੀਤਾ ਗਿਆ ਸੀ, ਪਰ ਜਿਸ ਤਰੀਕੇ ਨਾਲ ਇਸ ਨੂੰ ਅਮਲ ਵਿੱਚ ਲਿਆਂਦਾ ਗਿਆ ਹੈ, ਉਸ ਨਾਲ ਕੀ ਆਮ ਨਾਗਰਿਕਾਂ ਲਈ ਵੱਡੀਆਂ ਮੁਸ਼ਕਲਾਂ ਖੜ੍ਹੀਆਂ ਹੋ ਗਈਆਂ ?

ਦਿੱਲੀ ਵਿੱਚ ਇਸ ਪ੍ਰਕਿਰਿਆ ਦਾ ਸਭ ਤੋਂ ਵੱਡਾ ਅਤੇ ਪ੍ਰਤੱਖ ਪ੍ਰਭਾਵ ਦੇਖਣ ਨੂੰ ਮਿਲਿਆ ਹੈ, ਜਿੱਥੇ ਪਹਿਲਾਂ ਕੁੱਲ ਇੱਕ ਕਰੋੜ ਪੰਜਤਾਲੀ ਲੱਖ ਵੋਟਰ ਸਨ, ਪਰ ਹੁਣ ਇਹ ਗਿਣਤੀ ਘੱਟ ਕੇ ਕੇਵਲ 99.53 ਲੱਖ ਰਹਿ ਗਈ ਹੈ। ਇਸੇ ਤਰ੍ਹਾਂ ਬਿਹਾਰ ਵਿੱਚ 65 ਲੱਖ ਵੋਟਰਾਂ ਦੇ ਨਾਂ ਵੋਟਰ ਸੂਚੀ ਤੋਂ ਬਾਹਰ ਕਰ ਦਿੱਤੇ ਗਏ। ਛੱਤੀਸਗੜ੍ਹ, ਗੋਆ, ਗੁਜਰਾਤ, ਕੇਰਲ, ਮੱਧ ਪ੍ਰਦੇਸ਼, ਰਾਜਸਥਾਨ, ਤਾਮਿਲਨਾਡੂ, ਉੱਤਰ ਪ੍ਰਦੇਸ਼, ਪੱਛਮੀ ਬੰਗਾਲ, ਹਰਿਆਣਾ, ਕਰਨਾਟਕ, ਮਹਾਰਾਸ਼ਟਰ, ਓਡੀਸ਼ਾ, ਉੱਤਰਾਖੰਡ, ਤੇਲੰਗਾਨਾ, ਝਾਰਖੰਡ, ਹਿਮਾਚਲ ਪ੍ਰਦੇਸ਼, ਅਸਾਮ ਅਤੇ ਪੰਜਾਬ ਵਰਗੇ ਦੇਸ਼ ਦੇ ਸਾਰੇ 28 ਰਾਜਾਂ ਅਤੇ 8 ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਵੀ ਵੱਖ-ਵੱਖ ਚਰਣਾਂ ਵਿੱਚ ਐਸ.ਆਈ.ਆਰ. ਦੀ ਪ੍ਰਕਿਰਿਆ ਲਾਗੂ ਹੋ ਚੁੱਕੀ ਹੈ, ਜਿੱਥੇ ਲੱਖਾਂ ਹੀ ਨਾਗਰਿਕ ਵੋਟਰ ਸੂਚੀਆਂ ਤੋਂ ਬਾਹਰ ਕਰ ਦਿੱਤੇ ਗਏ ਹਨ। ਇਸ ਪ੍ਰਕਿਰਿਆ ਨਾਲ ਇਹ ਗੰਭੀਰ ਸਵਾਲ ਪੈਦਾ ਹੁੰਦਾ ਹੈ ਕਿ ਕੀ ਵੋਟਰ ਸੂਚੀ ਦੀ ਸ਼ੁੱਧਤਾ ਦੇ ਨਾਂ 'ਤੇ ਲੋਕਤੰਤਰ ਦੇ ਦਾਇਰੇ ਵਿੱਚੋਂ ਕਰੋੜਾਂ ਅਸਲੀ ਵੋਟਰਾਂ ਨੂੰ ਹਾਸ਼ੀਏ 'ਤੇ ਤਾਂ ਨਹੀਂ ਧੱਕ ਦਿੱਤਾ ਗਿਆ?

ਇਸ ਸਮੁੱਚੇ ਮਾਮਲੇ ਵਿੱਚ ਇੱਕ ਵੱਡਾ ਸਿਆਸੀ ਵਿਵਾਦ ਇਹ ਖੜ੍ਹਾ ਹੋਇਆ ਹੈ ਕਿ ਕੇਂਦਰ ਦੀ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਸਰਕਾਰ 'ਤੇ ਇਹ ਗੰਭੀਰ ਇਲਜ਼ਾਮ ਲੱਗ ਰਿਹਾ ਹੈ ਕਿ ਉਸ ਨੇ ਸੰਵਿਧਾਨਕ ਸੰਸਥਾ ਚੋਣ ਕਮਿਸ਼ਨ ਨੂੰ ਪ੍ਰਭਾਵਿਤ ਕਰਕੇ ਅਤੇ ਆਪਣੇ ਰਾਜਨੀਤਿਕ ਲਾਹੇ ਲਈ ਐਸ.ਆਈ.ਆਰ. ਦੀ ਕਵਾਇਦ ਸ਼ੁਰੂ ਕਰਵਾਈ ਹੈ। ਵਿਰੋਧੀ ਧਿਰਾਂ ਦਾ ਇਲਜ਼ਾਮ ਹੈ ਕਿ ਇਸ ਰਾਹੀਂ ਖਾਸ ਭਾਈਚਾਰਿਆਂ ਜਾਂ ਵਿਰੋਧੀ ਧਿਰ ਦੇ ਸਮਰਥਕਾਂ ਦੀਆਂ ਵੋਟਾਂ ਨਿਸ਼ਾਨਾ ਬਣਾ ਕੇ ਕੱਟੀਆਂ ਜਾ ਰਹੀਆਂ ਹਨ। ਹਾਲਾਂਕਿ, ਭਾਜਪਾ ਅਤੇ ਚੋਣ ਕਮਿਸ਼ਨ ਦੋਵਾਂ ਨੇ ਹੀ ਇਹਨਾਂ ਦੋਸ਼ਾਂ ਨੂੰ ਨਕਾਰਦਿਆਂ ਇਸ ਨੂੰ ਵੋਟਰ ਸੂਚੀਆਂ ਦੀ ਸ਼ੁੱਧਤਾ ਅਤੇ ਨਿਰਪੱਖ ਚੋਣਾਂ ਯਕੀਨੀ ਬਣਾਉਣ ਲਈ ਜ਼ਰੂਰੀ ਕਦਮ ਦੱਸਿਆ ਹੈ।

ਪੰਜਾਬ ਦੇ ਸੰਦਰਭ ਵਿੱਚ ਦੇਖੀਏ ਤਾਂ ਇੱਥੇ ਚੱਲ ਰਹੀ ਐਸ. ਆਈ. ਆਰ. ਪ੍ਰਕਿਰਿਆ ਦਾ ਸਭ ਤੋਂ ਵੱਡਾ ਅਸਰ ਐਨ.ਆਰ.ਆਈ. (ਗੈਰ-ਰਿਹਾਇਸ਼ੀ ਭਾਰਤੀ) ਭਾਈਚਾਰੇ ਉੱਤੇ ਪੈਣ ਦਾ ਖਦਸ਼ਾ ਹੈ। ਪੰਜਾਬ ਦੇ ਲੱਖਾਂ ਲੋਕ ਰੋਜ਼ਗਾਰ ਅਤੇ ਬਿਹਤਰ ਭਵਿੱਖ ਲਈ ਵਿਦੇਸ਼ਾਂ ਵਿੱਚ ਰਹਿੰਦੇ ਹਨ। ਐਸ. ਆਈ. ਆਰ. ਅਧੀਨ ਜਦੋਂ ਬੂਥ ਲੈਵਲ ਅਧਿਕਾਰੀ (ਬੀਐੱਲਓ) ਘਰ-ਘਰ ਜਾਂਚ ਕਰਨ ਪਹੁੰਚਦੇ ਹਨ ਤਾਂ ਜੋ ਐਨ.ਆਰ.ਆਈ. ਲੰਬੇ ਸਮੇਂ ਤੋਂ ਘਰ ਵਿੱਚ ਮੌਜੂਦ ਨਹੀਂ ਹੁੰਦੇ, ਉਨ੍ਹਾਂ ਦੇ ਨਾਂ 'ਗੈਰ-ਹਾਜ਼ਰ' ਜਾਂ 'ਸ਼ਿਫਟਿਡ' ਲਿਖ ਕੇ ਵੋਟਰ ਸੂਚੀ ਵਿੱਚੋਂ ਖਾਰਜ ਕੀਤੇ ਜਾਣ ਦਾ ਡਰ ਬਣਿਆ ਹੋਇਆ ਹੈ। ਹਾਲਾਂਕਿ ਕਾਨੂੰਨ ਮੁਤਾਬਕ ਭਾਰਤੀ ਨਾਗਰਿਕਤਾ ਰੱਖਣ ਵਾਲੇ ਐਨ. ਆਰ. ਆਈ.ਫਾਰਮ 6-ਏ ਰਾਹੀਂ ਆਪਣੀ ਵੋਟ ਬਣਾ ਸਕਦੇ ਹਨ, ਪਰ ਜਾਣਕਾਰੀ ਦੀ ਘਾਟ ਅਤੇ ਜਟਿਲ ਦਸਤਾਵੇਜ਼ੀ ਪ੍ਰਕਿਰਿਆ ਕਾਰਨ ਲੱਖਾਂ ਐਨ.ਆਰ.ਆਈ.ਪੰਜਾਬੀ ਆਪਣੀ ਵੋਟ ਦੇ ਬੁਨਿਆਦੀ ਅਧਿਕਾਰ ਤੋਂ ਵਾਂਝੇ ਹੋ ਸਕਦੇ ਹਨ।

ਇਸ ਤੋਂ ਇਲਾਵਾ, ਪੰਜਾਬ ਵਿੱਚ ਰਾਜਨੀਤਿਕ ਤੌਰ 'ਤੇ ਵੀ ਐਸ.ਆਈ.ਆਰ. ਪ੍ਰਕਿਰਿਆ ਨੂੰ ਲੈ ਕੇ ਸਰਗਰਮੀ ਵਧ ਗਈ ਹੈ। ਪੰਜਾਬ ਦੀਆਂ ਪ੍ਰਮੁੱਖ ਰਾਜਨੀਤਿਕ ਧਿਰਾਂ, ਜਿਨ੍ਹਾਂ ਵਿੱਚ ਆਮ ਆਦਮੀ ਪਾਰਟੀ, ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਸ਼ਾਮਲ ਹਨ, ਆਪਣੇ ਬੂਥ ਲੈਵਲ ਏਜੰਟਾਂ ਰਾਹੀਂ ਪਿੰਡ-ਪਿੰਡ ਅਤੇ ਸ਼ਹਿਰ-ਸ਼ਹਿਰ ਵਿੱਚ ਵੋਟਰਾਂ ਦੀ ਵੈਰੀਫਿਕੇਸ਼ਨ 'ਤੇ ਨਜ਼ਰ ਰੱਖ ਰਹੀਆਂ ਹਨ। ਇਨ੍ਹਾਂ ਪਾਰਟੀਆਂ ਦਾ ਮੰਨਣਾ ਹੈ ਕਿ ਪੰਜਾਬ ਦੀ ਖੇਤੀਬਾੜੀ ਅਤੇ ਉਦਯੋਗਿਕ ਆਰਥਿਕਤਾ ਕਾਰਨ ਵੱਡੀ ਗਿਣਤੀ ਵਿੱਚ ਪਰਵਾਸੀ ਮਜ਼ਦੂਰ ਵੀ ਰਾਜ ਵਿੱਚ ਰਹਿੰਦੇ ਹਨ, ਜਿਨ੍ਹਾਂ ਦੀਆਂ ਵੋਟਾਂ ਕੱਟਣ ਜਾਂ ਦੋਹਰੀਆਂ ਵੋਟਾਂ ਦੇ ਮੁੱਦੇ ਸਥਾਨਕ ਚੋਣ ਸਮੀਕਰਨਾਂ ਨੂੰ ਸਿੱਧਾ ਪ੍ਰਭਾਵਿਤ ਕਰ ਸਕਦੇ ਹਨ। ਇਸ ਲਈ ਪੰਜਾਬ ਵਿੱਚ ਹਰ ਇੱਕ ਪਾਰਟੀ ਵੋਟਰ ਸੂਚੀਆਂ ਦੇ ਸੁਧਾਰ ਨੂੰ ਇੱਕ ਵੱਡਾ ਰਾਜਨੀਤਿਕ ਹਥਿਆਰ ਮੰਨ ਕੇ ਦੇਖ ਰਹੀ ਹੈ।

ਜੇਕਰ ਅਸੀਂ ਦੁਨੀਆ ਦੇ ਪ੍ਰਮੁੱਖ ਅਤੇ ਸਥਿਰ ਲੋਕਤੰਤਰੀ ਦੇਸ਼ਾਂ ਦੇ ਇਤਿਹਾਸ ਅਤੇ ਪ੍ਰਣਾਲੀ 'ਤੇ ਨਜ਼ਰ ਮਾਰੀਏ ਤਾਂ ਉੱਥੇ ਵੋਟਰ ਸੂਚੀ ਨੂੰ ਦਰੁਸਤ ਅਤੇ ਅਪਡੇਟ ਰੱਖਣ ਦੀ ਮੁੱਖ ਜ਼ਿੰਮੇਵਾਰੀ ਸਰਕਾਰੀ ਤੰਤਰ ਦੀ ਹੁੰਦੀ ਹੈ, ਨਾ ਕਿ ਆਮ ਨਾਗਰਿਕ ਉੱਤੇ ਇਸ ਦਾ ਬੋਝ ਪਾਇਆ ਜਾਂਦਾ ਹੈ। ਅਜਿਹੇ ਦੇਸ਼ਾਂ ਵਿੱਚ ਇਹ ਯਕੀਨੀ ਬਣਾਇਆ ਜਾਂਦਾ ਹੈ ਕਿ ਕਿਸੇ ਦਸਤਾਵੇਜ਼ ਦੀ ਮਾਮੂਲੀ ਘਾਟ ਜਾਂ ਰਿਹਾਇਸ਼ੀ ਪਤੇ ਵਿੱਚ ਛੋਟੀ-ਮੋਟੀ ਗੜਬੜੀ ਕਾਰਨ ਕੋਈ ਵੀ ਨਾਗਰਿਕ ਆਪਣੇ ਮੌਲਿਕ ਅਤੇ ਸੰਵਿਧਾਨਕ ਵੋਟ ਅਧਿਕਾਰ ਤੋਂ ਵਾਂਝਾ ਨਾ ਹੋ ਜਾਵੇ।

ਦੁਨੀਆ ਭਰ ਵਿੱਚ ਵੋਟਰ ਰਜਿਸਟ੍ਰੇਸ਼ਨ ਦੇ ਮੁੱਖ ਤੌਰ 'ਤੇ ਦੋ ਮਾਡਲ ਅਪਣਾਏ ਜਾਂਦੇ ਹਨ। ਪਹਿਲਾ ਸਵੈ-ਚਾਲਿਤ (ਆਟੋਮੈਟਿਕ) ਸਰਕਾਰੀ ਮਾਡਲ ਹੈ, ਜੋ ਜਰਮਨੀ, ਸਵੀਡਨ ਅਤੇ ਡੈਨਮਾਰਕ ਵਰਗੇ ਦੇਸ਼ਾਂ ਵਿੱਚ ਲਾਗੂ ਹੈ। ਇਨ੍ਹਾਂ ਦੇਸ਼ਾਂ ਵਿੱਚ ਸਥਾਨਕ ਨਾਗਰਿਕ ਰਜਿਸਟਰੀ ਪਹਿਲਾਂ ਤੋਂ ਹੀ ਮੌਜੂਦ ਹੁੰਦੀ ਹੈ। ਜਿਵੇਂ ਹੀ ਕੋਈ ਨਾਗਰਿਕ 18 ਸਾਲ ਦੀ ਉਮਰ ਪੂਰੀ ਕਰਦਾ ਹੈ, ਚੋਣ ਅਧਿਕਾਰੀ ਆਪਣੇ ਆਪ ਉਸ ਦਾ ਨਾਂ ਵੋਟਰ ਸੂਚੀ ਵਿੱਚ ਦਰਜ ਕਰ ਲੈਂਦੇ ਹਨ। ਨਾਗਰਿਕ ਨੂੰ ਵੋਟ ਬਣਾਉਣ ਲਈ ਦਫ਼ਤਰਾਂ ਦੇ ਗੇੜੇ ਨਹੀਂ ਮਾਰਨੇ ਪੈਂਦੇ। ਦੂਜਾ ਮਾਡਲ ਸਵੈ-ਇੱਛੁਕ ਜਾਂ ਨਾਗਰਿਕ ਪਹਿਲ ਵਾਲਾ ਹੈ, ਜੋ ਅਮਰੀਕਾ, ਬਰਤਾਨੀਆ, ਕੈਨੇਡਾ ਅਤੇ ਆਸਟ੍ਰੇਲੀਆ ਵਿੱਚ ਚੱਲਦਾ ਹੈ। ਇਸ ਮਾਡਲ ਵਿੱਚ ਨਾਗਰਿਕ ਨੂੰ ਖ਼ੁਦ ਪਹਿਲ ਕਰਕੇ ਵੋਟ ਬਣਾਉਣ ਲਈ ਅਰਜ਼ੀ ਦੇਣੀ ਪੈਂਦੀ ਹੈ। ਪਰ ਇਸ ਜਟਿਲ ਅਤੇ ਨੌਕਰਸ਼ਾਹੀ ਪ੍ਰਕਿਰਿਆ ਦਾ ਨਤੀਜਾ ਇਹ ਨਿਕਲਦਾ ਹੈ ਕਿ ਬਰਤਾਨੀਆ ਵਿੱਚ ਲਗਭਗ 82 ਲੱਖ ਨਾਗਰਿਕ ਵੋਟਾਂ ਬਣਾਉਣ ਤੋਂ ਰਹਿ ਜਾਂਦੇ ਹਨ ਅਤੇ ਅਮਰੀਕਾ ਵਿੱਚ ਵੀ ਲੱਖਾਂ ਯੋਗ ਨਾਗਰਿਕ ਵੋਟ ਪਾਉਣ ਦੇ ਅਧਿਕਾਰ ਤੋਂ ਵਾਂਝੇ ਰਹਿ ਜਾਂਦੇ ਹਨ।

ਭਾਰਤ ਵਿੱਚ ਅਪਣਾਈ ਗਈ ਐਸ.ਆਈ.ਆਰ. ਪ੍ਰਕਿਰਿਆ ਬਿਲਕੁਲ ਇਸੇ ਜਟਿਲ ਅਤੇ ਦਸਤਾਵੇਜ਼-ਅਧਾਰਤ ਢਾਂਚੇ 'ਤੇ ਟੇਕ ਰੱਖਦੀ ਹੈ। ਇੱਥੇ ਆਪਣੀ ਵੋਟ ਦਾ ਦਾਅਵਾ ਸਿੱਧ ਕਰਨ ਲਈ ਸਾਰਾ ਬੋਝ ਨਾਗਰਿਕਾਂ ਦੇ ਮੋਢਿਆਂ 'ਤੇ ਸੁੱਟ ਦਿੱਤਾ ਗਿਆ ਹੈ। ਭਾਰਤੀ ਚੋਣ ਕਮਿਸ਼ਨ ਇਸ ਪ੍ਰਕਿਰਿਆ ਨੂੰ ਵੋਟਰ ਸੂਚੀ ਦੀ ਸ਼ੁੱਧਤਾ ਲਈ ਜ਼ਰੂਰੀ ਦੱਸਦਾ ਹੈ, ਪਰ ਦੂਜੇ ਪਾਸੇ ਸਮਾਜਿਕ ਅਤੇ ਸਿਆਸੀ ਵਿਸ਼ਲੇਸ਼ਕ ਇਸ ਨੂੰ ਲੱਖਾਂ ਹੀ ਅਸਲੀ ਵੋਟਰਾਂ ਲਈ ਇੱਕ ਨਵੀਂ ਅਤੇ ਮੁਸ਼ਕਲ ਰੁਕਾਵਟ ਕਰਾਰ ਦਿੰਦੇ ਹਨ। ਜਿਸ ਤਰ੍ਹਾਂ ਦੀਆਂ ਸ਼ਰਤਾਂ ਅਤੇ ਰੁਕਾਵਟਾਂ ਪੈਦਾ ਕਰਕੇ ਲੋਕਾਂ ਦੇ ਨਾਂ ਵੋਟਰ ਸੂਚੀਆਂ ਵਿੱਚੋਂ ਖ਼ਾਰਜ ਕੀਤੇ ਜਾ ਰਹੇ ਹਨ, ਉਸ ਨਾਲ ਇਹ ਡਰ ਪੈਦਾ ਹੁੰਦਾ ਹੈ ਕਿ ਆਮ ਲੋਕ ਭਾਰਤੀ ਲੋਕਤੰਤਰ ਦੀ ਹਿੱਸੇਦਾਰੀ ਤੋਂ ਹੋਰ ਦੂਰ ਹੋ ਜਾਣਗੇ।

ਭਾਰਤ ਵਿੱਚ ਪਹਿਲਾਂ ਹੀ ਕਈ ਹਾਲਾਤਾਂ ਕਾਰਨ ਲੋਕ ਵੋਟਿੰਗ ਵਾਲੇ ਦਿਨ ਪੋਲਿੰਗ ਬੂਥਾਂ ਤੱਕ ਨਹੀਂ ਪਹੁੰਚਦੇ। ਇੱਕ ਸਰਵੇਖਣ ਅਨੁਸਾਰ ਦੇਸ਼ ਦੇ ਲਗਭਗ 33 ਫ਼ੀਸਦੀ ਲੋਕ ਪਹਿਲਾਂ ਹੀ ਚੋਣਾਂ ਸਮੇਂ ਆਪਣੀ ਵੋਟ ਦੀ ਵਰਤੋਂ ਨਹੀਂ ਕਰਦੇ। ਜੇਕਰ ਵੋਟਰ ਸੂਚੀ ਵਿੱਚ ਨਾਂ ਦਰਜ ਕਰਵਾਉਣਾ ਹੀ ਇੱਕ ਔਖੀ ਪ੍ਰੀਖਿਆ ਬਣ ਜਾਵੇਗਾ, ਤਾਂ ਇਸ ਨਾਲ ਲੋਕਾਂ ਦਾ ਲੋਕਤੰਤਰ ਤੋਂ ਮੋਹ ਹੋਰ ਭੰਗ ਹੋਵੇਗਾ।

ਇਸ ਪ੍ਰਕਿਰਿਆ ਦੀ ਸ਼ੁਰੂਆਤ ਸਭ ਤੋਂ ਪਹਿਲਾਂ ਬਿਹਾਰ ਵਿਧਾਨ ਸਭਾ ਚੋਣਾਂ ਤੋਂ ਐਨ ਪਹਿਲਾਂ ਹੋਈ ਸੀ। ਉਸ ਸਮੇਂ ਅਧਿਕਾਰੀਆਂ ਨੇ ਦਾਅਵਾ ਕੀਤਾ ਸੀ ਕਿ ਜ਼ਮੀਨੀ ਪੱਧਰ 'ਤੇ ਜਾਂਚ ਦੌਰਾਨ ਬੰਗਲਾਦੇਸ਼ੀ, ਨੇਪਾਲੀ ਅਤੇ ਮਿਆਂਮਾਰ ਦੇ ਨਾਗਰਿਕ ਵੋਟਰ ਸੂਚੀਆਂ ਵਿੱਚ ਸ਼ਾਮਲ ਪਾਏ ਗਏ ਹਨ। ਪਰ ਚੋਣ ਕਮਿਸ਼ਨ ਨੇ ਕਦੇ ਵੀ ਅਜਿਹੇ ਗੈਰ-ਕਾਨੂੰਨੀ ਵੋਟਰਾਂ ਦੇ ਠੋਸ ਅੰਕੜੇ ਜਾਂ ਸਬੂਤ ਜਨਤਕ ਨਹੀਂ ਕੀਤੇ। ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਘੁਸਪੈਠੀਆਂ ਦਾ ਮੁੱਦਾ ਚੁੱਕਿਆ ਗਿਆ, ਇਸ ਮੁੱਦੇ ਨੇ ਬਿਹਾਰ ਚੋਣਾਂ ਨੂੰ ਪ੍ਰਭਾਵਿਤ ਕੀਤਾ, ਹਾਲਾਂਕਿ ਸਰਕਾਰ ਕੋਲ ਵੀ ਇਨ੍ਹਾਂ ਦਾ ਕੋਈ ਪੁਖਤਾ ਰਿਕਾਰਡ ਨਹੀਂ ਸੀ।

ਇਸ ਤੋਂ ਬਾਅਦ ਇਹ ਮੁੱਦਾ ਪੱਛਮੀ ਬੰਗਾਲ ਵਿੱਚ ਵੀ ਬਹੁਤ ਗਰਮਾਇਆ ਅਤੇ ਮਾਮਲਾ ਸੁਪਰੀਮ ਕੋਰਟ ਤੱਕ ਪਹੁੰਚਿਆ। ਪੱਛਮੀ ਬੰਗਾਲ ਵਿੱਚ ਐਸ.ਆਈ.ਆਰ. ਵੱਡਾ ਸਿਆਸੀ ਅਤੇ ਕਾਨੂੰਨੀ ਵਿਵਾਦ ਬਣ ਗਿਆ। ਤ੍ਰਿਣਮੂਲ ਕਾਂਗਰਸ ਨੇ ਸੁਪਰੀਮ ਕੋਰਟ ਵਿੱਚ ਪਟੀਸ਼ਨ ਦਾਇਰ ਕਰਕੇ ਦੋਸ਼ ਲਾਇਆ ਕਿ 145 ਵਿਧਾਨ ਸਭਾ ਹਲਕਿਆਂ ਵਿੱਚ ਜਿੱਤ-ਹਾਰ ਦਾ ਅੰਤਰ ਬਹੁਤ ਘੱਟ ਸੀ, ਪਰ ਉੱਥੇ ਐਸ.ਆਈ.ਆਰ. ਪ੍ਰਕਿਰਿਆ ਰਾਹੀਂ ਹਾਰ ਦੇ ਅੰਤਰ ਨਾਲੋਂ ਕਿਤੇ ਵੱਧ ਵੋਟਾਂ ਕੱਟ ਦਿੱਤੀਆਂ ਗਈਆਂ। ਬੰਗਾਲ ਵਿੱਚ ਇਸ ਦਾ ਸਭ ਤੋਂ ਵੱਡਾ ਬੋਝ ਨਿਆਂਪਾਲਿਕਾ 'ਤੇ ਵੀ ਪਿਆ। ਲਗਭਗ 19 ਅਦਾਲਤੀ ਅਪੀਲਾਂ ਬਣਾਈਆਂ ਗਈਆਂ, ਜਿਨ੍ਹਾਂ ਵਿੱਚ ਆਈਆਂ 38.10 ਲੱਖ ਅਪੀਲਾਂ ਵਿੱਚੋਂ ਕੇਵਲ 82,782 ਦਾ ਹੀ ਨਿਪਟਾਰਾ ਹੋ ਸਕਿਆ, ਜਦਕਿ 97.8 ਫ਼ੀਸਦੀ ਅਪੀਲਾਂ ਅਜੇ ਵੀ ਲਟਕ ਰਹੀਆਂ ਹਨ।

ਸਭ ਤੋਂ ਬੁਨਿਆਦੀ ਸਵਾਲ ਇਹ ਹੈ ਕਿ ਕੀ ਐਸ.ਆਈ.ਆਰ. ਵਰਗੀ ਪ੍ਰਕਿਰਿਆ ਸਿਰਫ਼ ਫ਼ਰਜ਼ੀ ਜਾਂ ਮਰ ਚੁੱਕੇ ਵੋਟਰਾਂ ਦੇ ਨਾਂ ਹਟਾਉਣ ਤੱਕ ਸੀਮਤ ਹੈ, ਜਾਂ ਇਸ ਦਾ ਖ਼ਮਿਆਜ਼ਾ ਉਨ੍ਹਾਂ ਲੱਖਾਂ ਗਰੀਬ ਅਤੇ ਸਾਧਨਹੀਣ ਨਾਗਰਿਕਾਂ ਨੂੰ ਭੁਗਤਣਾ ਪੈ ਰਿਹਾ ਹੈ ਜਿਨ੍ਹਾਂ ਕੋਲ ਐਨ ਸਮੇਂ 'ਤੇ ਲੋੜੀਂਦੇ ਦਸਤਾਵੇਜ਼ ਪੇਸ਼ ਕਰਨ ਦੀ ਜਾਣਕਾਰੀ ਜਾਂ ਸਾਧਨ ਨਹੀਂ ਸਨ? ਲੋਕਾਂ ਕੋਲੋਂ ਉਨ੍ਹਾਂ ਦੇ ਮਾਪਿਆਂ ਦੇ ਜਨਮ ਸਰਟੀਫਿਕੇਟ, ਰਿਹਾਇਸ਼ੀ ਸਬੂਤ, ਮੌਤ ਦੇ ਸਰਟੀਫਿਕੇਟ ਅਤੇ ਜਾਤੀ ਸਰਟੀਫਿਕੇਟ ਮੰਗੇ ਜਾ ਰਹੇ ਹਨ। ਇਸ ਪ੍ਰਕਿਰਿਆ ਦੌਰਾਨ ਨਾਗਰਿਕਤਾ ਤੱਕ 'ਤੇ ਸਵਾਲ ਖੜ੍ਹੇ ਕੀਤੇ ਜਾ ਰਹੇ ਹਨ, ਜਿਸ ਨਾਲ ਪ੍ਰਸਿੱਧ ਅਤੇ ਜਾਣੀਆਂ-ਪਛਾਣੀਆਂ ਸ਼ਖ਼ਸੀਅਤਾਂ ਦੀਆਂ ਵੋਟਾਂ ਵੀ ਕੱਟੀਆਂ ਗਈਆਂ ਹਨ।

ਇਸ ਤੋਂ ਇਲਾਵਾ, ਚੋਣ ਪ੍ਰਸ਼ਾਸਨ ਅਤੇ ਸਰਕਾਰੀ ਮਸ਼ੀਨਰੀ ਦੀਆਂ ਤਕਨੀਕੀ ਤੇ ਪ੍ਰਸ਼ਾਸਨਿਕ ਨਾਕਾਮੀਆਂ ਕਾਰਨ ਵੀ ਆਮ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਈ ਵਾਰ ਡਿਜੀਟਲ ਪੋਰਟਲਾਂ ਦੇ ਸਹੀ ਢੰਗ ਨਾਲ ਕੰਮ ਨਾ ਕਰਨ ਜਾਂ ਬੂਥ ਲੈਵਲ ਅਧਿਕਾਰੀਆਂ ਕੋਲ ਪੂਰੇ ਸਾਧਨ ਨਾ ਹੋਣ ਕਰਕੇ ਵੀ ਵੋਟਰਾਂ ਦੇ ਫਾਰਮ ਸਮੇਂ ਸਿਰ ਅਪਲੋਡ ਨਹੀਂ ਹੁੰਦੇ। ਇਸ ਦੇ ਨਾਲ ਹੀ, ਆਮ ਨਾਗਰਿਕਾਂ ਵਿੱਚ ਵੋਟ ਨਾਲ ਜੁੜੇ ਵੱਖ-ਵੱਖ ਫਾਰਮਾਂ (ਜਿਵੇਂ ਕਿ ਨਵੇਂ ਵੋਟਰ ਲਈ ਫਾਰਮ 6, ਵੋਟ ਕਟਵਾਉਣ ਲਈ ਫਾਰਮ 7 ਅਤੇ ਵੇਰਵੇ ਬਦਲਣ ਲਈ ਫਾਰਮ 8) ਬਾਰੇ ਜਾਗਰੂਕਤਾ ਦੀ ਭਾਰੀ ਘਾਟ ਹੈ। ਚੋਣ ਕਮਿਸ਼ਨ ਦਾ ਇਹ ਫਰਜ਼ ਬਣਦਾ ਸੀ ਕਿ ਅਜਿਹੇ ਵੱਡੇ ਅਭਿਆਸ ਨੂੰ ਲਾਗੂ ਕਰਨ ਤੋਂ ਪਹਿਲਾਂ ਨਾਗਰਿਕਾਂ ਨੂੰ ਜਾਗਰੂਕ ਕਰਨ ਲਈ ਇੱਕ ਵਿਆਪਕ ਮੁਹਿੰਮ ਚਲਾਈ ਜਾਂਦੀ, ਤਾਂ ਜੋ ਕੋਈ ਵੀ ਯੋਗ ਵੋਟਰ ਦਸਤਾਵੇਜ਼ੀ ਉਲਝਣਾਂ ਕਾਰਨ ਬਾਹਰ ਨਾ ਰਹਿ ਜਾਂਦਾ।

ਸਰਕਾਰ ਅਤੇ ਸੰਵਿਧਾਨਕ ਸੰਸਥਾਵਾਂ ਇਹ ਤਰਕ ਦਿੰਦੀਆਂ ਹਨ ਕਿ ਉਹ ਜੋ ਵੀ ਕਰ ਰਹੀਆਂ ਹਨ, ਉਹ ਕਾਨੂੰਨ ਦੇ ਅਨੁਸਾਰ ਹੈ। ਪਰ ਸਵਾਲ ਇਹ ਹੈ ਕਿ ਕੀ ਇਹ ਪ੍ਰਕਿਰਿਆ ਨਿਆਂਸੰਗਤ ਹੈ? ਕੀ ਭਾਰਤ ਵਰਗੇ ਵਿਸ਼ਾਲ, ਗਰੀਬੀ ਅਤੇ ਅਨਪੜ੍ਹਤਾ ਨਾਲ ਜੂਝ ਰਹੇ ਦੇਸ਼ ਵਿੱਚ ਆਮ ਲੋਕਾਂ 'ਤੇ ਅਜਿਹਾ ਦਸਤਾਵੇਜ਼ੀ ਬੋਝ ਪਾਉਣਾ ਵਾਜਬ ਹੈ? ਅੱਜ ਵੈਧਾਨਿਕ ਸੰਸਥਾਵਾਂ ਨੂੰ ਇਹ ਗੰਭੀਰਤਾ ਨਾਲ ਸੋਚਣਾ ਪਵੇਗਾ ਕਿ ਜੋ ਨਿਯਮ ਉਹ ਬਣਾ ਰਹੇ ਹਨ, ਉਨ੍ਹਾਂ ਨਾਲ ਆਮ ਨਾਗਰਿਕਾਂ 'ਤੇ ਕੀ ਬੀਤ ਰਹੀ ਹੈ।

ਅਸਲ ਵਿੱਚ, ਵੋਟ ਬਣਾਉਣ ਅਤੇ ਵੋਟਰ ਸੂਚੀ ਨੂੰ ਦਰੁਸਤ ਰੱਖਣ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਅਤੇ ਚੋਣ ਪ੍ਰਸ਼ਾਸਨ ਦੀ ਹੋਣੀ ਚਾਹੀਦੀ ਹੈ। ਆਮ ਨਾਗਰਿਕ ਨੂੰ ਇੱਕ-ਇੱਕ ਦਸਤਾਵੇਜ਼ ਲਈ ਦਫ਼ਤਰਾਂ ਦੇ ਚੱਕਰ ਕੱਟਣ, ਗਲੀਆਂ ਦੀ ਖ਼ਾਕ ਛਾਣਨ ਅਤੇ ਖ਼ਵਾਰ ਹੋਣ ਲਈ ਮਜਬੂਰ ਨਹੀਂ ਕੀਤਾ ਜਾਣਾ ਚਾਹੀਦਾ। ਸੁਪਰੀਮ ਕੋਰਟ ਦੀ ਨਿਗਰਾਨੀ, ਅੰਕੜਿਆਂ ਦੀ ਪਾਰਦਰਸ਼ਤਾ ਅਤੇ ਆਉਣ ਵਾਲੀਆਂ ਚੋਣਾਂ ਦਾ ਦਬਾਅ ਹੀ ਇਹ ਤੈਅ ਕਰੇਗਾ ਕਿ ਭਾਰਤ ਦਾ ਲੋਕਤੰਤਰ ਇਸ ਕਵਾਇਦ ਨਾਲ ਮਜ਼ਬੂਤ ਹੋਵੇਗਾ ਜਾਂ ਆਮ ਨਾਗਰਿਕ ਨੂੰ ਆਪਣੇ ਹੀ ਦੇਸ਼ ਦੇ ਲੋਕਤੰਤਰੀ ਢਾਂਚੇ ਤੋਂ ਦੂਰ ਕਰ ਦੇਵੇਗਾ। ਸਰਕਾਰਾਂ ਦਾ ਫ਼ਰਜ਼ ਨਾਗਰਿਕਾਂ ਦੇ ਅਧਿਕਾਰਾਂ ਦੀ ਰਾਖੀ ਕਰਨਾ ਅਤੇ ਉਨ੍ਹਾਂ ਲਈ ਸੁਖਾਲਾ ਮਾਹੌਲ ਸਿਰਜਣਾ ਹੈ, ਨਾ ਕਿ ਉਨ੍ਹਾਂ ਨੂੰ ਸਰਕਾਰੀ ਉਲਝਣਾਂ ਵਿੱਚ ਫਸਾ ਕੇ ਉਨ੍ਹਾਂ ਦੇ ਬੁਨਿਆਦੀ ਵੋਟ ਅਧਿਕਾਰ ਤੋਂ ਵਾਂਝਾ ਕਰਨਾ।

Information in Public Interest

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148

ਡਤਾਈਵਰ ਵੀ ਜਿੰਦਗੀ ਦੇ
2 ਸਭ ਤੋਂ ਵੱਡੇ ਦੁਸ਼ਮਣ ਕੌਣ?
ਕਾਗਜ਼ ਤੇ ਘਾਣ ਦਾ ਇਨਵੌਇਸ!



# ਇਨਵੌਇਸ ਬਣਾਓ ਆਸਾਨ, ਤੇ ਚਲੋ ਬੱਸ ਮਸਤਾਨ!

ਘੱਟ ਕਾਗਜੀ ਕੰਮ. ਹੋਰ ਕਿਲੋਮੀਟਰ. ਇਨਵੌਇਸ ਸਮਾਰਟ ਬਣਾਓ **Traki** ਨਾਲ.

**ਕਾਗਜ਼ ਸੰਭਾਲੋ**
ਫੋਟੋ, PDF ਤੇ ਆਪਣੇ ਡੌਕੂਮੈਂਟ ਇਕੱਤਰ ਰੱਖੋ.

INVOICE $
**ਇਨਵੌਇਸ ਬਣਾਓ**
AI ਮਦਦ ਨਾਲ ਆਟੋ ਫਿਲ ਅਤੇ ਪੇਸ਼ੇਵਰ ਇਨਵੌਇਸ ਤਿਆਰ.

**ਕਮਾਈ ਵਧਾਓ**
ਰਿਪੋਰਟ ਵੇਖੋ, ਕਮਾਈ ਟ੍ਰੈਕ ਕਰੋ, ਤੇ ਟਾਈਮ ਬਚਾਓ.

**ਅੱਜ ਹੀ ਸ਼ੁਰੂ ਕਰੋ!**
**3 ਦਿਨ ਦਾ ਮੁਫਤ TRIAL ਮਿਲੇਗਾ!**
ਟਰਾਈ ਕਰੋ, ਪਸੰਦ ਆਇਆ ਤਾਂ ਅੱਗੇ ਵਧੋ!

QR ਸਕੈਨ ਕਰੋ ਤੇ Traki ਡਾਊਨਲੋਡ ਕਰੋ ਹੁਣੇ!

**ਟਾਈਮ ਬਚਾਓ**
ਕਾਗਜੀ ਕੰਮ ਘੱਟ, ਡਰਾਈਵ ਵੱਧ.

**ਗਲਤੀ ਘੱਟ**
ਆਟੋਮੈਟਿਕ ਫਿਲ ਤੇ ਸਹੀ ਇਨਵੌਇਸ.

**ਆਫਲਾਈਨ ਕੰਮ**
ਇੰਟਰਨੈੱਟ ਬਿਨ੍ਹਾਂ ਵੀ ਸਭ ਕੁਝ ਚੱਲਦਾ.

**ਸਭ ਕੁਝ ਇੱਕ ਜਗ੍ਹਾ**
ਡੌਕੂਮੈਂਟ, ਇਨਵੌਇਸ ਤੇ ਰਿਪੋਰਟ – ਸਭ ਨਾਲ.

ਹੋਰ ਜਾਣਕਾਰੀ ਲਈ ਵੇਖੋ | TRAKIAPP.COM

**TRAKI**
ਡਰਾਈਵਰ ਦਾ ਅਸਲੀ ਯਾਰ.

# ਟਰੰਪ ਪ੍ਰਸ਼ਾਸਨ ’ਤੇ ਕਾਨੂੰਨਾਂ ਨੂੰ ਪਾਸੇ ਕਰਕੇ ਅੱਗੇ ਵਧਣ ਦੇ ਦੋਸ਼ ਅਦਾਲਤਾਂ ਤੇ ਕਾਂਗਰਸ ਦੀ ਭੂਮਿਕਾ ’ਤੇ ਨਵੇਂ ਸਵਾਲ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਦੂਜੇ ਕਾਰਜਕਾਲ ਦੌਰਾਨ ਕਈ ਅਜੇਹੇ ਫ਼ੈਸਲੇ ਸਾਹਮਣੇ ਆਏ ਹਨ, ਜਿਨ੍ਹਾਂ ਨੇ ਰਾਸ਼ਟਰਪਤੀ ਦੀਆਂ ਸ਼ਕਤੀਆਂ, ਕਾਂਗਰਸ ਦੇ ਅਧਿਕਾਰ ਅਤੇ ਅਦਾਲਤਾਂ ਦੀ ਨਿਗਰਾਨੀ ਬਾਰੇ ਵੱਡੀ ਚਰਚਾ ਛੇੜ ਦਿੱਤੀ ਹੈ। ਇੱਕ ਵਿਸ਼ਲੇਸ਼ਣ ਮੁਤਾਬਕ ਟਰੰਪ ਪ੍ਰਸ਼ਾਸਨ ਕਈ ਮਾਮਲਿਆਂ ਵਿੱਚ ਕਾਨੂੰਨੀ ਰੁਕਾਵਟਾਂ ਦਾ ਸਾਹਮਣਾ ਕਰਨ ਦੇ ਬਾਵਜੂਦ ਵਿਕਲਪਕ ਰਸਤੇ ਲੱਭ ਕੇ ਆਪਣੀ ਨੀਤੀ ਅੱਗੇ ਵਧਾਉਂਦਾ ਰਿਹਾ ਹੈ। ਮੁੱਦੇ ਦੀ ਇੱਕ ਮਿਸਾਲ ਰਾਸ਼ਟਰਪਤੀ ਟਰੰਪ ਦੀ ਤਸਵੀਰ ਵਾਲੇ ਇੱਕ ਡਾਲਰ ਦੇ ਯਾਦਗਾਰੀ ਸਿੱਕਿਆਂ ਨਾਲ ਜੁੜੀ ਹੈ। ਆਮ ਕਾਨੂੰਨੀ ਪੜ੍ਹਤ ਅਨੁਸਾਰ ਜੀਵਤ ਰਾਸ਼ਟਰਪਤੀ ਦੀ ਤਸਵੀਰ ਅਮਰੀਕੀ ਮੁਦਰਾ ’ਤੇ ਨਹੀਂ ਹੋਣੀ ਚਾਹੀਦੀ, ਪਰ ਖ਼ਜ਼ਾਨਾ ਵਿਭਾਗ ਨੇ ਯਾਦਗਾਰੀ ਸਿੱਕਿਆਂ ਨਾਲ ਸਬੰਧਤ ਵੱਖਰੇ ਕਾਨੂੰਨੀ ਪ੍ਰਬੰਧ ਦਾ ਸਹਾਰਾ ਲਿਆ। ਇਸੇ ਤਰ੍ਹਾਂ ਇਰਾਨ ਨਾਲ ਲੰਬੇ ਚੱਲ ਰਹੇ ਸੰਘਰਸ਼ ਨੂੰ ਲੈ ਕੇ ਵੀ ਵਾਰ ਪਾਵਰਜ਼ ਕਾਨੂੰਨ ਅਤੇ ਕਾਂਗਰਸ ਦੀ ਮਨਜ਼ੂਰੀ ਬਾਰੇ ਸਵਾਲ ਉੱਠੇ ਹਨ।

ਵ੍ਹਾਈਟ ਹਾਊਸ ਦੇ ਈਸਟ ਵਿੰਗ ਨੂੰ ਢਾਹ ਕੇ ਨਵਾਂ ਬਾਲਰੂਮ ਬਣਾਉਣ ਦੇ ਪ੍ਰਾਜੈਕਟ ’ਤੇ ਵੀ ਕਾਨੂੰਨੀ ਵਿਵਾਦ ਗਹਿਰਾ ਰਿਹਾ। ਚੀਫ਼ ਜਸਟਿਸ ਜੌਨ ਰਾਬਰਟਸ ਨੇ ਇਸ ਪ੍ਰਾਜੈਕਟ ਨੂੰ “ਸੰਭਾਵਤ ਤੌਰ ’ਤੇ ਗੈਰਕਾਨੂੰਨੀ” ਕਿਹਾ, ਪਰ ਨਿਰਮਾਣ ਜਾਰੀ ਹੈ। ਅਰਲਿੰਗਟਨ ਨੈਸ਼ਨਲ ਸਿਮੇਟਰੀ ਦੇ ਨੇੜੇ ਟਰੰਪ ਦੀ ਯੋਜਿਤ ਵਿਜੇਤਰੀ



ਆਰਚ ਲਈ ਵੀ ਕਾਂਗਰਸ ਦੀ ਮਨਜ਼ੂਰੀ ਦੀ ਲੋੜ ਬਾਰੇ ਚਰਚਾ ਹੈ। ਇਸ ਤੋਂ ਇਲਾਵਾ, ਕੈਰੀਬੀਅਨ ਅਤੇ ਪੈਸਿਫਿਕ ਵਿੱਚ ਕਥਿਤ ਡਰੱਗ ਬੋਟਾਂ ਖ਼ਿਲਾਫ਼ ਅਮਰੀਕੀ ਫੌਜੀ ਕਾਰਵਾਈ, ਯੂਐਸਏਆਈਡੀ, ਸਿੱਖਿਆ ਵਿਭਾਗ ਅਤੇ ਕੰਜ਼ਿਊਮਰ ਫਾਇਨੈਂਸ਼ਲ ਪ੍ਰੋਟੈਕਸ਼ਨ ਬਿਊਰੋ ਵਰਗੀਆਂ ਸੰਘੀ ਏਜੰਸੀਆਂ ਨੂੰ ਕਮਜ਼ੋਰ ਜਾਂ ਖਤਮ ਕਰਨ ਦੀਆਂ ਕੋਸ਼ਿਸ਼ਾਂ, ਖੋਜ ਅਤੇ ਵਿਦੇਸ਼ੀ ਸਹਾਇਤਾ ਫੰਡਾਂ ਵਿੱਚ ਕਟੌਤੀ, ਅਤੇ ਆਈਸ ਵੱਲੋਂ ਬਿਨਾਂ ਨਿਆਂਇਕ ਵਾਰੰਟ ਘਰਾਂ ਵਿੱਚ ਦਾਖ਼ਲੇ ਦੇ ਮਾਮਲੇ ਵੀ ਇਸ ਵੱਡੀ ਚਰਚਾ ਦਾ ਹਿੱਸਾ ਹਨ। ਸੁਪਰੀਮ ਕੋਰਟ ਦੀ ਜਸਟਿਸ ਕੇਤਾਂਜੀ ਬ੍ਰਾਊਨ ਜੈਕਸਨ ਨੇ ਵ੍ਹਾਈਟ ਹਾਊਸ ਦੇ ਰਵੱਈਏ ਨੂੰ “ਕੈਚ-ਮੀ-ਇਫ-ਯੂ-ਕੈਨ” ਪਹੁੰਚ ਕਰਾਰ ਦਿੱਤਾ।

ਹਾਲਾਂਕਿ ਕੁਝ ਮਾਮਲਿਆਂ ਵਿੱਚ ਟਰੰਪ ਨੂੰ ਅਦਾਲਤਾਂ ਤੋਂ ਝਟਕੇ ਵੀ ਲੱਗੇ ਹਨ। ਜਨਮਸਿੱਧ ਨਾਗਰਿਕਤਾ ਦੇ ਮਾਮਲੇ ਵਿੱਚ 14ਵੀਂ ਸੰਸ਼ੋਧਨ ਨੂੰ ਪਾਸੇ ਕਰਨ ਦੀ ਕੋਸ਼ਿਸ਼ ਰੱਦ ਹੋਈ, ਜਦਕਿ ਟੈਰਿਫ਼ ਮਾਮਲੇ ਵਿੱਚ ਰਾਸ਼ਟਰੀ ਐਮਰਜੈਂਸੀ ਕਾਨੂੰਨਾਂ ਦੇ ਵਿਆਪਕ ਇਸਤੇਮਾਲ ’ਤੇ ਵੀ ਰੋਕ ਲੱਗੀ। ਇਸ ਸਾਰੀ ਬਹਿਸ ਦਾ ਕੇਂਦਰੀ ਸਵਾਲ ਇਹ ਹੈ ਕਿ ਕੀ ਰਾਸ਼ਟਰਪਤੀ ਕਾਰਵਾਈ ਪਹਿਲਾਂ ਕਰ ਸਕਦਾ ਹੈ ਅਤੇ ਕਾਨੂੰਨੀ ਚੁਣੌਤੀਆਂ ਦਾ ਸਾਹਮਣਾ ਬਾਅਦ ਵਿੱਚ। ਆਲੋਚਕਾਂ ਦਾ ਮੰਨਣਾ ਹੈ ਕਿ ਅਜਿਹਾ ਰੁਝਾਨ ਕਾਂਗਰਸ ਅਤੇ ਅਦਾਲਤਾਂ ਦੀ ਸੰਵਿਧਾਨਕ ਭੂਮਿਕਾ ਨੂੰ ਕਮਜ਼ੋਰ ਕਰ ਸਕਦਾ ਹੈ। ਵਿਸ਼ਲੇਸ਼ਣ ਦਾ ਨਿਸ਼ਕਰਸ਼ ਹੈ ਕਿ ਟਰੰਪ ਪ੍ਰਸ਼ਾਸਨ ਦੀ ਇਹ ਕਾਰਗੁਜ਼ਾਰੀ ਅਮਰੀਕੀ ਸੰਵਿਧਾਨਕ ਪ੍ਰਣਾਲੀ ਲਈ ਇੱਕ ਵੱਡੀ ਪਰਖ ਬਣੀ ਹੋਈ ਹੈ। ਜੇ ਡੈਮੋਕ੍ਰੈਟ ਅਗਲੇ ਸਾਲ ਹਾਊਸ ਜਾਂ ਸੈਨੇਟ ਵਿੱਚ ਬਹੁਮਤ ਹਾਸਲ ਕਰਦੇ ਹਨ, ਤਾਂ ਉਹ ਫੰਡਿੰਗ ਅਤੇ ਨਿਗਰਾਨੀ ਰਾਹੀਂ ਰਾਸ਼ਟਰਪਤੀ ਦੇ ਕਈ ਕਦਮਾਂ ’ਤੇ ਨਵੀਆਂ ਪਾਬੰਦੀਆਂ ਲਗਾਉਣ ਦੀ ਕੋਸ਼ਿਸ਼ ਕਰ ਸਕਦੇ ਹਨ।

# ਅਮਰੀਕਾ ਵਿੱਚ ਜਨਮੇ ਵਿਦੇਸ਼ੀ ਸਰਕਾਰੀ ਕਰਮਚਾਰੀਆਂ ਦੇ ਬੱਚਿਆਂ ਲਈ ਨਵਾਂ ਗ੍ਰੀਨ ਕਾਰਡ ਬਣਾਉਣ ਲਈ ਨਵਾਂ ਨਿਯਮ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕੀ ਇਮੀਗ੍ਰੇਸ਼ਨ ਪ੍ਰਣਾਲੀ ਵਿੱਚ ਇੱਕ ਮਹੱਤਵਪੂਰਨ ਨਵਾਂ ਨਿਯਮ ਸਾਹਮਣੇ ਆਇਆ ਹੈ, ਜਿਸਦਾ ਸਿੱਧਾ ਅਸਰ ਉਹਨਾਂ ਬੱਚਿਆਂ ਉੱਤੇ ਪਵੇਗਾ ਜੋ ਅਮਰੀਕਾ ਵਿੱਚ ਜਨਮ ਲੈਂਦੇ ਹਨ ਪਰ ਜਿਨ੍ਹਾਂ ਦੇ ਮਾਪਿਆਂ ਵਿੱਚੋਂ ਇੱਕ ਜਾਂ ਦੋਵੇਂ ਵਿਦੇਸ਼ੀ ਸਰਕਾਰ ਦੇ ਅਧਿਕਾਰੀ ਜਾਂ ਕਰਮਚਾਰੀ ਹਨ। ਹੋਮਲੈਂਡ ਸੁਰੱਖਿਆ ਵਿਭਾਗ ਅਤੇ ਯੂਐਸਸੀਆਈਐਸ ਨੇ ਇੱਕ ਅੰਤਰਿਮ ਫਾਈਨਲ ਰੂਲ ਜਾਰੀ ਕੀਤਾ ਹੈ, ਜਿਸ ਤਹਿਤ ਅਜਿਹੇ ਬੱਚਿਆਂ ਲਈ lawful permanent residence, ਅਰਥਾਤ ਗ੍ਰੀਨ ਕਾਰਡ ਲਈ ਰਜਿਸਟ੍ਰੇਸ਼ਨ ਦਾ ਸਪਸ਼ਟ ਰਸਤਾ ਬਣਾਇਆ ਗਿਆ ਹੈ।

ਨਵੇਂ ਨਿਯਮ ਦਾ ਕੇਂਦਰੀ ਬਿੰਦੂ ਇਹ ਹੈ ਕਿ ਕੁਝ ਵਿਦੇਸ਼ੀ ਸਰਕਾਰੀ ਕਰਮਚਾਰੀਆਂ ਦੇ ਬੱਚੇ, ਭਾਵੇਂ ਉਹ ਅਮਰੀਕਾ ਵਿੱਚ ਜਨਮੇ ਹੋਣ, ਆਪਣੇ ਜਨਮ ਦੇ ਆਧਾਰ ’ਤੇ ਆਪਣੇ ਆਪ ਅਮਰੀਕੀ ਨਾਗਰਿਕ ਨਹੀਂ ਮੰਨੇ ਜਾਂਦੇ। ਇਸਦਾ ਕਾਰਨ ਇਹ ਹੈ ਕਿ ਵਿਦੇਸ਼ੀ ਰਾਜਦੂਤਾਂ ਅਤੇ ਕੁਝ ਹੋਰ ਸਰਕਾਰੀ ਅਧਿਕਾਰੀਆਂ ਨੂੰ ਅਮਰੀਕੀ ਜੁਰਿਸਦਿਚਟਿਨ ਤੋਂ ਵਿਸ਼ੇਸ਼ ਛੋਟ ਪ੍ਰਾਪਤ ਹੋ ਸਕਦੀ ਹੈ। ਨਵੇਂ ਨਿਯਮ ਅਧੀਨ ਅਜਿਹੇ ਬੱਚੇ Form I-485 ਰਾਹੀਂ permanent residence ਲਈ




register ਕਰ ਸਕਣਗੇ। ਧੁਸ਼ ਨੇ ਇਸਦੇ ਨਾਲ Form G-325R ਨਾਲ ਜੁੜੀਆਂ registration requirements ਵਿੱਚ ਵੀ ਤਬਦੀਲੀਆਂ ਕੀਤੀਆਂ ਹਨ। ਇੱਥੇ ਇੱਕ ਬਹੁਤ ਮਹੱਤਵਪੂਰਨ ਗੱਲ ਇਹ ਹੈ ਕਿ ਇਹ ਨਿਯਮ ਹਰ ਵਿਦੇਸ਼ੀ ਮਾਪੇ ਦੇ ਅਮਰੀਕਾ ਵਿੱਚ ਜਨਮੇ ਬੱਚੇ ਉੱਤੇ ਲਾਗੂ ਨਹੀਂ ਹੁੰਦਾ। ਇਹ ਖ਼ਾਸ ਤੌਰ ’ਤੇ foreign government employees ਨਾਲ ਸੰਬੰਧਿਤ ਸ਼੍ਰੇਣੀ ਲਈ ਹੈ। ਇਸ ਲਈ ਵਿਦਿਆਰਥੀ ਵੀਜ਼ਾ, ਟੂਰਿਸਟ ਵੀਜ਼ਾ, H-1B ਜਾਂ ਹੋਰ ਆਮ nonimmigrant status ਵਾਲੇ ਮਾਪਿਆਂ ਦੇ ਬੱਚਿਆਂ ਨਾਲ ਇਸ ਨਿਯਮ ਨੂੰ ਸਿੱਧੇ ਤੌਰ ’ਤੇ ਜੋੜਨਾ ਗਲਤ ਹੋਵੇਗਾ। ਧੁਸ਼ ਦੇ ਦਸਤਾਵੇਜ਼ ਮੁਤਾਬਕ ਇਹ ਨਿਯਮ ਪੁਬਲਿਚਾਂ ਨਸਪਏਚਟਿਨ ਲਈ ਜਾਰੀ ਹੋਣ ਦੀ ਮਿਤੀ ਤੋਂ ਲਾਗੂ ਹੋਵੇਗਾ ਅਤੇ ਉਸ ਤੋਂ ਪਹਿਲਾਂ ਜਨਮੇ ਬੱਚਿਆਂ ਨਾਲ ਉਸ ਸਮੇਂ ਮੌਜੂਦ ਨਿਯਮਾਂ ਅਨੁਸਾਰ ਹੀ ਵਿਹਾਰ ਕੀਤਾ ਜਾਵੇਗਾ। ਇਸਦੇ ਨਾਲ ਹੀ ਜਨਤਾ ਨੂੰ ਨਿਯਮ ਉੱਤੇ ਟਿੱਪਣੀਆਂ ਦੇਣ ਲਈ 30 ਦਿਨਾਂ ਦਾ ਸਮਾਂ ਦਿੱਤਾ ਜਾ ਰਿਹਾ ਹੈ। ਇਹ ਵੀ ਸਪਸ਼ਟ ਕਰਨਾ ਜ਼ਰੂਰੀ ਹੈ ਕਿ ਇਹ Interim Final Rule ਹੈ—ਅਰਥਾਤ ਨਿਯਮ ਲਾਗੂ ਹੋ ਸਕਦਾ ਹੈ, ਪਰ ਇਸ ਉੱਤੇ ਜਨਤਕ ਟਿੱਪਣੀਆਂ ਅਤੇ ਭਵਿੱਖ ਵਿੱਚ ਹੋਰ ਪ੍ਰਸ਼ਾਸਕੀ ਜਾਂ ਅਦਾਲਤੀ ਚੁਣੌਤੀਆਂ ਸੰਭਵ ਹਨ। ਇਹ ਕਿਸੇ ਅਦਾਲਤ ਦਾ ਅੰਤਿਮ ਫ਼ੈਸਲਾ ਨਹੀਂ ਹੈ। ਇਮੀਗ੍ਰੇਸ਼ਨ ਮਾਮਲੇ ਵਿੱਚ ਨਿੱਜੀ ਅਤੇ ਕੇਸ-ਵਿਸ਼ੇਸ਼ ਸਲਾਹ ਲਈ ਲਾਇਸੈਂਸਸ਼ੁਦਾ ਇਮੀਗ੍ਰੇਸ਼ਨ ਵਕੀਲ ਨਾਲ ਸੰਪਰਕ ਕਰੋ।

# ਅਮਰੀਕੀ ਅਦਾਲਤ ਨੇ ਵੋਟਰ ਲਿਸਟਾਂ ਦੀ ਜਾਂਚ ਲਈ ਇਮੀਗ੍ਰੇਸ਼ਨ ਡਾਟਾਬੇਸ ਦੀ ਵਰਤੋਂ ਫਿਲਹਾਲ ਰੋਕੀ

ਜਕਾਰਤਾ
ਸਾਂਝੀ ਸੋਚ ਬਿਊਰੋ

ਟਰੰਪ ਪ੍ਰਸ਼ਾਸਨ ਨੂੰ ਵੋਟਰ ਲਿਸਟਾਂ ਵਿੱਚ ਨਾਗਰਿਕਤਾ ਦੀ ਜਾਂਚ ਨਾਲ ਜੁੜੇ ਇੱਕ ਅਹਿਮ ਮਾਮਲੇ ਵਿੱਚ ਫੈਡਰਲ ਅਪੀਲ ਅਦਾਲਤ ਤੋਂ ਝਟਕਾ ਲੱਗਿਆ ਹੈ। ਅਦਾਲਤ ਨੇ ਹੇਠਲੀ ਅਦਾਲਤ ਵੱਲੋਂ ਲਗਾਈ ਗਈ ਉਸ ਪਾਬੰਦੀ ਨੂੰ ਫਿਲਹਾਲ ਬਰਕਰਾਰ ਰੱਖਿਆ ਹੈ, ਜਿਸ ਕਾਰਨ ਸਰਕਾਰ ਇੱਕ ਫੈਡਰਲ ਇਮੀਗ੍ਰੇਸ਼ਨ ਡਾਟਾਬੇਸ ਦੀ ਵਰਤੋਂ ਕਰਕੇ ਸੂਬਿਆਂ ਦੀਆਂ ਵੋਟਰ ਰੋਲਲਸ ਵਿੱਚ ਦਰਜ ਲੋਕਾਂ ਦੀ ਸਿਟੀਜ਼ਨ ਸਟੇਟਸ ਦੀ ਜਾਂਚ ਨਹੀਂ ਕਰ ਸਕਦੀ। ਇਹ ਮਾਮਲਾ Department of Homeland Security ਦੇ SAVE ਸਿਸਟਮ ਨਾਲ ਜੁੜਿਆ ਹੈ। ਟਰੰਪ ਪ੍ਰਸ਼ਾਸਨ ਵੋਟਰ ਲਿਸਟਾਂ ਦੀ ਜਾਂਚ ਵਿੱਚ ਫੈਡਰਲ ਨਾਗਰਿਕਤਾ ਅਤੇ ਇਮੀਗ੍ਰੇਸ਼ਨ ਡਾਟੇ ਦੀ ਵਧੇਰੇ ਵਰਤੋਂ ਕਰਨਾ ਚਾਹੁੰਦਾ ਹੈ। ਪ੍ਰਸ਼ਾਸਨ ਦਾ ਤਰਕ ਹੈ ਕਿ ਚੋਣਾਂ ਵਿੱਚ ਸਿਰਫ਼ ਯੋਗ ਅਮਰੀਕੀ ਨਾਗਰਿਕਾਂ ਦੀ ਭਾਗੀਦਾਰੀ ਯਕੀਨੀ ਬਣਾਉਣ ਲਈ ਸਿਟੀਜ਼ਨਸ਼ਿਪ ਵੈਰੀਫਿਕੇਸ਼ਨ ਮਹੱਤਵਪੂਰਨ ਹੈ। ਪਰ ਇਸ ਯੋਜਨਾ ਖ਼ਿਲਾਫ਼ ਕਾਨੂੰਨੀ ਚੁਣੌਤੀਆਂ ਦਿੱਤੀਆਂ ਗਈਆਂ ਹਨ। ਵਿਰੋਧ ਕਰਨ ਵਾਲੇ ਸਮੂਹਾਂ ਦਾ ਕਹਿਣਾ ਹੈ ਕਿ ਇਮੀਗ੍ਰੇਸ਼ਨ ਡਾਟਾਬੇਸ ਵਿੱਚ ਪੁਰਾਣੀ ਜਾਂ ਅਧੂਰੀ ਜਾਣਕਾਰੀ ਹੋਣ ਦੀ ਸਥਿਤੀ ਵਿੱਚ ਕਾਨੂੰਨੀ ਤੌਰ ’ਤੇ ਵੋਟ ਦੇ ਹੱਕਦਾਰ naturalized U.S. citizens ਵੀ ਗਲਤੀ ਨਾਲ ਪ੍ਰਭਾਵਿਤ ਹੋ ਸਕਦੇ ਹਨ।

5 ਸਤੰਬਰ ਨੂੰ ਫੈਡਰਲ ਅਪੀਲ ਅਦਾਲਤ ਦੇ ਪੈਨਲ ਨੇ ਟਰੰਪ ਪ੍ਰਸ਼ਾਸਨ ਦੀ ਉਹ ਮੰਗ ਸਵੀਕਾਰ ਨਹੀਂ ਕੀਤੀ ਜਿਸ ਰਾਹੀਂ ਹੇਠਲੀ ਅਦਾਲਤ ਦੀ ਰੋਕ ਹਟਾਉਣ ਦੀ ਕੋਸ਼ਿਸ਼ ਕੀਤੀ ਗਈ ਸੀ। ਇਸ ਲਈ ਮਾਮਲੇ ਦੀ ਅਗਲੀ ਕਾਨੂੰਨੀ ਕਾਰਵਾਈ ਹੋਣ ਤੱਕ ਪਾਬੰਦੀ ਬਰਕਰਾਰ ਰਹੇਗੀ। ਇੱਥੇ ਇੱਕ ਗੱਲ ਖਾਸ ਤੌਰ ’ਤੇ ਸਪਸ਼ਟ ਹੈ—ਇਹ ਫੈਸਲਾ ਗ੍ਰੀਨ ਕਾਰਡ ਰੱਦ ਕਰਨ ਜਾਂ ਚਿਟਿਜ਼ਏਨਸਹਿਪ ਖਤਮ ਕਰਨ ਦਾ ਆਮ ਹੁਕਮ ਨਹੀਂ ਹੈ। ਇਹ ਮੁੱਖ ਤੌਰ ’ਤੇ federal immigraiton citizenship data ਨੂੰ voter-roll verification ਲਈ ਵਰਤਣ ਦੀ ਸਰਕਾਰ ਦੀ ਕੋਸ਼ਿਸ਼ ਨਾਲ ਸਬੰਧਤ ਅਦਾਲਤੀ ਵਿਵਾਦ ਹੈ। 2026 ਦੀਆਂ midterm elections ਨੇੜੇ ਆਉਣ ਕਾਰਨ ਸਿਟੀਜ਼ਨਸ਼ਿਪ ਵੈਰੀਫਿਕੇਸ਼ਨ




ਅਤੇ voter eligibility ਦਾ ਇਹ ਮਾਮਲਾ ਹੋਰ ਵੱਡਾ ਰਾਜਨੀਤਿਕ ਅਤੇ ਕਾਨੂੰਨੀ ਮੁੱਦਾ ਬਣ ਸਕਦਾ ਹੈ। ਅਪੀਲ ਅਦਾਲਤ ਦਾ ਤਾਜ਼ਾ ਫੈਸਲਾ 5 ਸਤੰਬਰ ਨੂੰ ਰਿਪੋਰਟ ਹੋਇਆ ਹੈ।




## ਸਿੱਖ ਗੁਰਦੁਆਰਾ ਸਾਹਿਬ ਸੈਨ ਹੋਜ਼ੇ ਵੱਲੋਂ

# 8ਵਾਂ ਸਾਲਾਨਾ 'ਰਾਗ ਕੀਰਤਨ ਦਰਬਾਰ'

**ਦਾ ਵਿਸ਼ਾਲ ਅਤੇ ਰੂਹਾਨੀ ਸਮਾਗਮ ਕਰਵਾਇਆ ਜਾ ਰਿਹਾ ਹੈ।**

## ਆਓ, ਇਸ ਸਮਾਗਮ ਵਿਚ ਗੁਰਬਾਣੀ ਨੂੰ

**ਉਸੇ ਰੂਹਾਨੀ ਅੰਦਾਜ਼ ਵਿੱਚ ਸੁਣੀਏ ਅਤੇ ਗਾਈਏ, ਜਿਸ ਤਰ੍ਹਾਂ ਇਹ ਗਾਈ ਅਤੇ ਸੁਣੀ ਜਾਣੀ ਚਾਹੀਦੀ ਹੈ।**

**11 ਤੋਂ 13 ਸਤੰਬਰ 2026, ਸ਼ੁੱਕਰਵਾਰ ਤੋਂ ਐਤਵਾਰ ਤੱਕ ਆਯੋਜਿਤ ਕੀਤਾ ਜਾਵੇਗਾ।**

### ਇਸ ਸਮਾਗਮ ਵਿੱਚ



ਭਾਈ ਨਿਰਮਲ ਸਿੰਘ ਨਾਗਪੁਰੀ | ਡਾ. ਮਨਪ੍ਰੀਤ ਸਿੰਘ | ਡਾ. ਗੁਰਨਾਮ ਸਿੰਘ | ਭਾਈ ਕਰਨਜੀਤ ਸਿੰਘ ਸ਼ਾਂਤ | ਬੀਬੀ ਸੋਨੀ ਕੌਰ | ਬੀਬੀ ਸਿਮਰਤ ਕੌਰ | ਭਾਈ ਗੁਰਪ੍ਰੀਤ ਸਿੰਘ | ਭਾਈ ਸਿਮਰਨਜੀਤ ਸਿੰਘ ਖਾਲਸਾ | ਪ੍ਰੋ. ਦਲਬੀਰ ਸਿੰਘ ਤੇ ਵਿਦਿਆਰਥੀ

ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

**ਸਮੂਹ ਸੰਗਤਾਂ ਨੂੰ ਇਸ ਪਵਿੱਤਰ ਅਤੇ ਰਸਭਿੰਨੇ ਕੀਰਤਨ ਦਰਬਾਰ ਵਿੱਚ ਪਰਿਵਾਰ ਸਮੇਤ ਪਹੁੰਚ ਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਬੇਨਤੀ ਹੈ।**

ਗੁਰਦਵਾਰਾ ਸਾਹਿਬ ਦਾ ਪਤਾ :
3636 Gurdwara Avenue
San Jose, Cailforina

ਵਧੇਰੇ ਜਾਣਕਾਰੀ ਲਈ ਤੁਸੀਂ ਸੰਪਰਕ ਕਰ ਸਕਦੇ ਹੋ
(408) 274-9373


Arrested ?
DUI ?
Drug Charges ?
Gun Violation ?
Ghuman Law Group
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

# Serving Californians since 1999

Global Green INSURANCE AGENCY
Lic #oF34231

Mann Insurance Brokers Inc.
dba Global Green Insurance Agency of the Bay Area

AUTO, HOME, BUSINESS, LIFE

510-487-1000

WWW.GGIABA.COM

COVERED CALIFORNIA

Certified INSURANCE AGENT

Free Confidential Help

Call : Gurcharan Singh Mann
CA License

Medicare

Licensed Insurance Agent
CA Lic # 0C70672

CALL TO ENROL

510-557-0061

Buying OR Selling Real Estate Let US HELP

MANN
Real Estate Services

BAY AREA, TRACY, LATHROP, ELK GROVE, ROSEVILLE, ROCKLIN, MOUNTAIN HOUSE

510-557-0061

Find your home on our website

www.mannres.com



Gurcharan Singh Mann
DRE#02321006

# ਐਲਪੀਜੀ ਸਿਲੰਡਰ ਨੂੰ ਲੈ ਕੇ ਸਰਕਾਰ ਦਾ ਵੱਡਾ ਫੈਸਲਾ! ਬਦਲ ਗਏ ਗੈਸ ਸਿਲੰਡਰ ਬੁੱਕ ਕਰਨ ਦੇ ਨਿਯਮ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ



ਦੇਸ਼ ਦੇ ਕਰੋੜਾਂ ਰਸੋਈ ਗੈਸ ਉਪਭੋਗਤਾਵਾਂ ਲਈ ਇੱਕ ਵੱਡੀ ਰਾਹਤ ਭਰੀ ਖ਼ਬਰ ਆਈ ਹੈ। ਸਰਕਾਰ ਨੇ ਗੈਸ ਬੁਕਿੰਗ ਦੇ ਨਿਯਮਾਂ ਵਿੱਚ ਇੱਕ ਵੱਡਾ ਬਦਲਾਅ ਕਰ ਦਿੱਤਾ ਹੈ। ਜੇਕਰ ਤੁਸੀਂ ਕਿਸੇ ਪਿੰਡ ਜਾਂ ਦਿਹਾਤੀ ਇਲਾਕੇ ਵਿੱਚ ਰਹਿੰਦੇ ਹੋ, ਤਾਂ ਪਹਿਲਾਂ ਇੱਕ ਸਿਲੰਡਰ ਬੁੱਕ ਕਰਨ ਤੋਂ ਬਾਅਦ ਦੂਜਾ ਸਿਲੰਡਰ ਬੁੱਕ ਕਰਨ ਲਈ ਤੁਹਾਨੂੰ ਪੂਰੇ 45 ਦਿਨਾਂ ਦਾ ਇੰਤਜ਼ਾਰ ਕਰਨਾ ਪੈਂਦਾ ਸੀ, ਜਦੋਂ ਕਿ ਸ਼ਹਿਰਾਂ ਵਿੱਚ ਇਹ ਨਿਯਮ ਸਿਰਫ਼ 25 ਦਿਨਾਂ ਦਾ ਸੀ।

ਹੁਣ ਤੁਹਾਨੂੰ ਦੂਜੇ ਸਿਲੰਡਰ ਦੀ ਬੁਕਿੰਗ ਲਈ ਹਫ਼ਤਿਆਂ ਤੱਕ ਇੰਤਜ਼ਾਰ ਨਹੀਂ ਕਰਨਾ ਪਵੇਗਾ। ਹਾਲਾਂਕਿ, ਹੁਣ ਸਰਕਾਰ ਨੇ ਪਿੰਡਾਂ ਅਤੇ ਸ਼ਹਿਰਾਂ ਵਿਚਕਾਰ ਦਾ ਇਹ ਫ਼ਰਕ ਪੂਰੀ ਤਰ੍ਹਾਂ ਖ਼ਤਮ ਕਰ ਦਿੱਤਾ ਹੈ।

ਹੁਣ ਚਾਹੇ ਤੁਸੀਂ ਪਿੰਡ ਵਿੱਚ ਰਹਿੰਦੇ ਹੋਵੋ ਜਾਂ ਸ਼ਹਿਰ ਵਿੱਚ, ਤੁਸੀਂ ਹਰ 25 ਦਿਨਾਂ ਵਿੱਚ ਆਪਣਾ ਅਗਲਾ ਐੱਲ.ਪੀ.ਜੀ. ਸਿਲੰਡਰ ਬੁੱਕ ਕਰ ਸਕਦੇ ਹੋ। ਕੇਂਦਰੀ ਪੈਟਰੋਲੀਅਮ, ਕੁਦਰਤੀ ਗੈਸ ਅਤੇ ਸੈਰ-ਸਪਾਟਾ ਰਾਜ ਮੰਤਰੀ ਸੁਰੇਸ਼ ਗੋਪੀ ਨੇ ਇਸ ਵੱਡੇ ਫ਼ੈਸਲੇ ਦੀ ਜਾਣਕਾਰੀ ਦਿੱਤੀ ਹੈ। ਕੇਂਦਰੀ ਪੈਟਰੋਲੀਅਮ ਰਾਜ ਮੰਤਰੀ ਸੁਰੇਸ਼ ਗੋਪੀ ਨੇ ਸੋਮਵਾਰ ਨੂੰ ਦੱਸਿਆ ਕਿ ਸਰਕਾਰ ਨੇ ਸਾਰੀਆਂ ਆਇਲ ਮਾਰਕੀਟਿੰਗ ਕੰਪਨੀਆਂ ਨੂੰ ਇਸ ਨਵੇਂ ਨਿਯਮ ਨੂੰ ਤੁਰੰਤ ਪ੍ਰਭਾਵ ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਹਨ।

# ਗੈਂਗਸਟਰਾਂ ਤੇ ਵਾਰ ਦਾ 230ਵਾਂ ਦਿਨ: ਪੰਜਾਬ ਪੁਲਿਸ ਵੱਲੋਂ 558 ਥਾਈਂ ਛਾਪੇਮਾਰੀ: 311 ਕਾਬੂ ਪੁਲਿਸ ਟੀਮਾਂ ਨੇ 225 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



'ਗੈਂਗਸਟਰਾਂ ਤੇ ਵਾਰ' ਮੁਹਿੰਮ ਦੇ 230ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਪਛਾਣੇ ਗਏ ਅਤੇ ਮੈਪ ਕੀਤੇ 558 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ 'ਗੈਂਗਸਟਰਾਂ ਤੇ ਵਾਰ' ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ , ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਦੁਆਰਾ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 230ਵੇਂ ਦਿਨ, ਪੁਲਿਸ ਟੀਮਾਂ ਨੇ 311 ਵਿਅਕਤੀਆਂ ਨੂੰ ਦੋ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ 68,699 ਗ੍ਰਿਫ਼ਤਾਰੀਆਂ ਹੋਈਆਂ ਹਨ। ਇਸ ਤੋਂ ਇਲਾਵਾ 225 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ ਪੰਜ ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ। ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਗੁਪਤ ਰੂਪ ਵਿੱਚ ਰਿਪੋਰਟ ਕਰ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦੇ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁਧ' ਨੂੰ 555ਵੇਂ ਦਿਨ ਵੀ ਜਾਰੀ ਰੱਖਿਆ ਹੈ, ਜਿਸ ਤਹਿਤ ਅੱਜ 181 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 8 ਕਿਲੋ ਹੈਰੋਇਨ, 7 ਕਿਲੋ ਗਾਂਜਾ, 6.5 ਕਿਲੋ ਭੁੱਕੀ ਅਤੇ 397 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ ਹਨ। ਇਸ ਦੇ ਨਾਲ, ਸਿਰਫ 555 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 77,590 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 13 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਸਿਹਤਮੰਦ, ਨਸ਼ਾ-ਮੁਕਤ 'ਰੰਗਲਾ ਪੰਜਾਬ' ਬਣਾਉਣ ਲਈ ਖੇਡਾਂ ਨੂੰ ਅਪਣਾਓ: ਕੁਲਤਾਰ ਸਿੰਘ ਸੰਧਵਾਂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਸੂਬੇ ਦੇ ਨੌਜਵਾਨਾਂ ਨੂੰ ਖੇਡਾਂ ਵਿੱਚ ਸਰਗਰਮੀ ਨਾਲ ਭਾਗ ਲੈਣ ਦੀ ਅਪੀਲ ਕੀਤੀ ਤਾਂ ਜੋ ਉਨ੍ਹਾਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਇਆ ਜਾ ਸਕੇ ਅਤੇ ਪੰਜਾਬ ਦੀ ਸਦੀਆਂ ਤੋਂ ਚਲੀ ਆ ਰਹੀ ਖੇਡ ਵਿਰਾਸਤ ਦੀ ਸ਼ਾਨ ਬਹਾਲੀ ਕੀਤੀ ਜਾ ਸਕੇ।

ਸਪੀਕਰ ਨੇ ਕਿਹਾ ਕਿ ਸਾਡੀ ਸਰਕਾਰ ਖੇਡਾਂ ਵਿੱਚ ਸੂਬੇ ਦੀ ਸ਼ਾਨ ਨੂੰ ਬਹਾਲ ਕਰਨ ਦੇ ਉਦੇਸ਼ ਨਾਲ 'ਖੇਡਾਂ ਵਤਨ ਪੰਜਾਬ ਦੀਆ' ਕਰਵਾ ਰਹੀ ਹੈ।

ਉਹਨਾਂ ਕਿਹਾ, "ਇਸ ਪਹਿਲਕਦਮੀ ਰਾਹੀਂ ਪੰਜਾਬ ਦੇ ਨੌਜਵਾਨ ਖੇਡਾਂ ਵੱਲ ਪ੍ਰੇਰਿਤ ਹੋਣਗੇ, ਜਿਸ ਨਾਲ ਉਹਨਾਂ ਦੀ ਖੇਡਾਂ ਵਿੱਚ ਭਾਗੀਦਾਰੀ ਹੋਰ ਵਧੇਗੀ" ਉਨ੍ਹਾਂ ਅੱਗੇ ਕਿਹਾ ਕਿ ਇਹ ਉਪਰਾਲਾ ਹਰ ਪਿੰਡ, ਕਸਬੇ ਅਤੇ ਸ਼ਹਿਰ ਵਿੱਚੋਂ ਛੁਪੀ ਹੋਈ ਖੇਡ ਪ੍ਰਤਿਭਾ ਦੀ ਪਛਾਣ ਕਰਨ, ਉਭਾਰਨ ਅਤੇ ਨਿਖਾਰਨ ਲਈ ਇੱਕ ਉੱਤਮ ਮੰਚ ਵਜੋਂ ਕੰਮ ਕਰਦਾ ਹੈ।

ਜਿਸ ਨਾਲ ਖਿਡਾਰੀਆਂ ਨੂੰ ਅੰਤਰਰਾਸ਼ਟਰੀ ਪੱਧਰ ਤੇ ਖੇਡਾਂ ਚ ਅੱਗੇ ਵਧਣ ਅਤੇ ਉੱਤਮਤਾ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਮਿਲਦਾ ਹੈ।

ਸਪੀਕਰ ਸੰਧਵਾਂ ਨੇ ਜ਼ੋਰ ਦੇ ਕੇ ਕਿਹਾ ਕਿ ਖੇਡਾਂ ਵਿਅਕਤੀ ਨੂੰ ਸਰੀਰਕ ਤੌਰ 'ਤੇ ਸਰਗਰਮ ਅਤੇ ਮਾਨਸਿਕ ਤੌਰ 'ਤੇ ਸੁਚੇਤ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਹਨਾਂ ਕਿਹਾ,"ਖੇਡਾਂ ਨਾ ਸਿਰਫ਼ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਜ਼ਰੂਰੀ ਹਨ ਬਲਕਿ ਇੱਕ ਲੰਬੀ, ਸਿਹਤਮੰਦ ਜ਼ਿੰਦਗੀ ਵਿੱਚ ਵੀ ਇਹਨਾਂ ਦਾ ਵਡਮੁੱਲਾ ਯੋਗਦਾਨ ਹੈ ।

# ਇਮੀਗ੍ਰੇਸ਼ਨ ਅਦਾਲਤਾਂ ਵਿੱਚ ਵੱਡਾ ਫੇਰਬਦਲ ਨਵੇਂ ਜੱਜਾਂ ਦੀ ਨਿਯੁਕਤੀ ਨਾਲ ਤੇਜ਼ ਹੋ ਰਹੇ ਕੇਸ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ




ਟਰੰਪ ਪ੍ਰਸ਼ਾਸਨ ਵੱਲੋਂ ਅਮਰੀਕਾ ਦੀਆਂ ਇਮੀਗ੍ਰੇਸ਼ਨ ਅਦਾਲਤਾਂ ਵਿੱਚ ਵੱਡੇ ਪੱਧਰ 'ਤੇ ਫੇਰਬਦਲ ਕੀਤਾ ਜਾ ਰਿਹਾ ਹੈ। ਮੈਸਾਚੂਸੇਟਸ ਵਿੱਚ ਇੱਕ ਦਰਜਨ ਤੋਂ ਵੱਧ ਨਵੇਂ ਜੱਜ ਨਿਯੁਕਤ ਕੀਤੇ ਗਏ ਹਨ, ਜਿਨ੍ਹਾਂ ਵਿੱਚੋਂ ਕਈਆਂ ਦਾ ਪਿਛਲਾ ਪੇਸ਼ਾਵਰ ਤਜਰਬਾ ਫੌਜੀ ਕਾਨੂੰਨ, ਸਰਕਾਰੀ ਵਕੀਲ ਜਾਂ ਪਰੋਸਏਚੁਟਿੰਨ ਨਾਲ ਜੁੜਿਆ ਰਿਹਾ ਹੈ। ਕੁਝ ਨਵੀਆਂ ਨਿਯੁਕਤੀਆਂ ਕੋਲ ਇਮੀਗ੍ਰੇਸ਼ਨ ਕਾਨੂੰਨ ਦਾ ਸੀਮਤ ਤਜਰਬਾ ਹੋਣ ਕਾਰਨ ਵਕੀਲਾਂ ਵੱਲੋਂ ਸਵਾਲ ਵੀ ਉਠਾਏ ਜਾ ਰਹੇ ਹਨ। ਮੈਸਾਚੂਸੇਟਸ ਦੇ Chelmsford Immigration Court ਵਿੱਚ 16 ਵਿੱਚੋਂ 12 ਜੱਜ ਮੌਜੂਦਾ ਟਰੰਪ ਪ੍ਰਸ਼ਾਸਨ ਦੌਰਾਨ ਨਿਯੁਕਤ ਕੀਤੇ ਗਏ ਹਨ। ਦੇਸ਼ ਪੱਧਰ 'ਤੇ ਜਨਵਰੀ 2025 ਤੋਂ 110 ਤੋਂ ਵੱਧ ਇਮੀਗ੍ਰੇਸ਼ਨ ਜੱਜਾਂ ਨੂੰ ਹਟਾਏ ਜਾਣ ਦੀ ਰਿਪੋਰਟ ਹੈ। ਇਸਦੇ ਨਾਲ ਨਵੀਆਂ ਨਿਯੁਕਤੀਆਂ ਕਰਕੇ ਕੇਸਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸਦਾ ਅਸਰ ਅਦਾਲਤੀ ਨਤੀਜਿਆਂ ਵਿੱਚ ਵੀ ਦਿਖਾਈ ਦੇ ਰਿਹਾ ਹੈ। ਰਿਪੋਰਟ ਮੁਤਾਬਕ ਮੈਸਾਚੂਸੇਟਸ ਵਿੱਚ ਜੂਨ 2026 ਦੌਰਾਨ 1,692 removal orders ਜਾਰੀ ਹੋਏ, ਜਦਕਿ ਜੂਨ 2024 ਵਿੱਚ ਇਹ ਗਿਣਤੀ 238 ਸੀ। ਇਸਦੇ ਨਾਲ ਦੇਸ਼ ਭਰ ਦਾ pending immigration court backlog ਲਗਭਗ 3.2 ਮਿਲੀਅਨ ਕੇਸਾਂ ਤੱਕ ਘਟਿਆ ਦੱਸਿਆ ਗਿਆ ਹੈ। Justice Department ਦਾ ਕਹਿਣਾ ਹੈ ਕਿ immigration court backlog ਘਟਾਉਣਾ ਪ੍ਰਸ਼ਾਸਨ ਦੀਆਂ ਮੁੱਖ ਤਰਜੀਹਾਂ ਵਿੱਚੋਂ ਇੱਕ ਹੈ ਅਤੇ ਕੇਸ ਬਿਨਾਂ ਲੋੜ ਲੰਮੇ ਸਮੇਂ ਤੱਕ ਲਟਕਣ ਨਹੀਂ ਦਿੱਤੇ ਜਾਣੇ ਚਾਹੀਦੇ। ਦੂਜੇ ਪਾਸੇ ਕੁਝ ਸਾਬਕਾ ਜੱਜਾਂ ਅਤੇ ਇਮੀਗ੍ਰੇਸ਼ਨ ਵਕੀਲਾਂ ਨੂੰ ਚਿੰਤਾ ਹੈ ਕਿ ਬਹੁਤ ਤੇਜ਼ ਕਾਰਵਾਈ ਨਾਲ ਬਿਨੈਕਾਰਾਂ ਨੂੰ ਵਕੀਲ ਲੱਭਣ, ਦਸਤਾਵੇਜ਼ ਇਕੱਠੇ ਕਰਨ ਅਤੇ ਆਪਣਾ ਕੇਸ ਤਿਆਰ ਕਰਨ ਲਈ ਘੱਟ ਸਮਾਂ ਮਿਲ ਸਕਦਾ ਹੈ। ਇਸ ਲਈ asylum ਜਾਂ removal proceedings ਵਾਲੇ ਲੋਕਾਂ ਲਈ ਆਪਣੀਆਂ court deadlines ਨੂੰ ਗੰਭੀਰਤਾ ਨਾਲ ਲੈਣਾ ਹੋਰ ਵੀ ਜ਼ਰੂਰੀ ਹੋ ਗਿਆ ਹੈ। ਮੈਸਾਚੂਸੇਟਸ ਦੀਆਂ ਨਿਯੁਕਤੀਆਂ ਅਤੇ removal-order ਅੰਕੜੇ ਤਾਜ਼ਾ ਰਿਪੋਰਟ ਵਿੱਚ ਦਰਜ ਹਨ।




WHOLE HOME SOLAR & BATTERY
STARTING AT $25,000
For a standard 5kW Solar & 14kWh Battery system
Roof or main panel upgrades not included
Clear & Up-Front Pricing
High-Efficiency Components
Permits and Utility Approvals Included
Protect Existing NEM 2.0
(Via Non-Export Configuration)
CALL HARRY FOR A QUOTE | (925) 537-2732
Harkaran Singh (HIS Registration #167489 SP) AUTHORIZED REPRESENTATIVE FOR TSP SOLAR SALES AND SERVICES (DBA TSP ROOFING AND SOLAR)
CSLB Contractor License #1096233 • C-10 Electrical, C-39 Roofing, B-General Building
Pricing & offer details vary by location & applicant.

ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ




# ਗੁਰਦੁਆਰਾ ਸਾਹਿਬ San Jose

**ਗੁਰਦੁਆਰਾ ਸਾਹਿਬ ਸੈਨ ਹੋਜੇ ਵੱਲੋਂ ਸਤੰਬਰ ਮਹੀਨੇ ਵਿੱਚ ਸੰਗਤਾਂ ਲਈ ਵਿਸ਼ੇਸ਼ ਧਾਰਮਿਕ, ਗੁਰਮਤਿ ਅਤੇ ਯਾਦਗਾਰੀ ਸਮਾਗਮਾਂ ਦੀ ਲੜੀ ਕਰਵਾਈ ਜਾ ਰਹੀ ਹੈ।**

### ਜਪੁਜੀ ਸਾਹਿਬ ਕਥਾ ਅਤੇ ਗੁਰਮਤਿ ਵਿਚਾਰ
31 ਅਗਸਤ ਤੋਂ 27 ਸਤੰਬਰ ਤੱਕ
ਗਿਆਨੀ ਲਖਵਿੰਦਰ ਸਿੰਘ ਜੀ ਵੱਲੋਂ ਸਵੇਰ ਅਤੇ ਸ਼ਾਮ ਦੇ ਦੀਵਾਨਾਂ ਰਾਹੀਂ ਸ੍ਰੀ ਜਪੁਜੀ ਸਾਹਿਬ ਦੀ ਕਥਾ ਅਤੇ ਗੁਰਮਤਿ ਵਿਚਾਰ ਕੀਤਾ ਜਾਵੇਗਾ।

### ਵਿਸ਼ੇਸ਼ ਗੁਰਬਾਣੀ ਕੀਰਤਨ
2 ਤੋਂ 7 ਸਤੰਬਰ
ਭਾਈ ਗੁਰਮੇਲ ਸਿੰਘ ਜੀ ( ਹਜ਼ੂਰੀ ਰਾਗੀ, ਸ੍ਰੀ ਦਰਬਾਰ ਸਾਹਿਬ ) ਵੱਲੋਂ ਵਿਸ਼ੇਸ਼ ਗੁਰਬਾਣੀ ਕੀਰਤਨ ਦੀ ਸੇਵਾ।

### 2nd Annual Volleyball Tournament
5 ਸਤੰਬਰ 2026
ਗੁਰਦੁਆਰਾ ਸਾਹਿਬ ਸੈਨ ਹੋਜੇ ਅਤੇ ਸਾਂਤਾ ਕਲਾਰਾ ਵਾਲੀਬਾਲ ਕਲੱਬ ਵੱਲੋਂ ਭਾਈ ਜਸਵੰਤ ਸਿੰਘ ਖਾਲੜਾ ਜੀ ਦੀ ਸ਼ਹਾਦਤ ਨੂੰ ਸਮਰਪਿਤ।

### ਸ਼ਹੀਦੀ ਸਮਾਗਮ
6 ਸਤੰਬਰ 2026
ਸ਼ਹੀਦ ਭਾਈ ਜਸਵੰਤ ਸਿੰਘ ਜੀ ਖਾਲੜਾ ਦੀ ਯਾਦ ਨੂੰ ਸਮਰਪਿਤ ਗੁਰਬਾਣੀ ਕੀਰਤਨ, ਕਥਾ ਅਤੇ ਵਿਸ਼ੇਸ਼ ਵਿਚਾਰ।

### ਸੰਗਤ ਰੂਪੀ ਜਪੁਜੀ ਸਾਹਿਬ ਪਾਠ
6, 20 ਅਤੇ 27 ਸਤੰਬਰ
ਦੁਪਹਿਰ 12:20 ਤੋਂ 1:00 ਵਜੇ ਤੱਕ

### ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਵਸ
12 ਸਤੰਬਰ 2026

### ਸ੍ਰੀ ਗੁਰੂ ਅਰਜਨ ਦੇਵ ਜੀ ਦੀ ਗੁਰਗੱਦੀ ਦਿਵਸ ਨੂੰ ਸਮਰਪਿਤ
13 ਸਤੰਬਰ 2026 ਨੂੰ
ਕੀਰਤਨ, ਕਥਾ ਅਤੇ ਗੁਰਮਤਿ ਵਿਚਾਰ ਦਾ ਪ੍ਰੋਗਰਾਮ।

### ਸਨਮਾਨਿਤ ਪ੍ਰੋਗਰਾਮ
13 ਸਤੰਬਰ
ਨੂੰ ਹੀ ਐਡਵੋਕੇਟ ਬਰਜਿੰਦਰ ਸਿੰਘ ਸੋਢੀ ਜੀ ਦੀ ਮਨੁੱਖੀ ਅਧਿਕਾਰਾਂ ਅਤੇ ਇਨਸਾਫ਼ ਲਈ ਲੰਬੀ ਸੇਵਾ ਅਤੇ ਸੰਘਰਸ਼ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ।

### 8th Annual Raag Kirtan Darbar
11 ਤੋਂ 13 ਸਤੰਬਰ 2026
ਵੱਖ-ਵੱਖ ਰਾਗੀ ਜਥਿਆਂ ਵੱਲੋਂ ਹਾਜ਼ਰੀ ਅਤੇ ਗੁਰਬਾਣੀ ਕੀਰਤਨ ਰਾਹੀਂ ਸੰਗਤ ਨੂੰ ਗੁਰੂ ਚਰਨਾਂ ਨਾਲ ਜੋੜਨ ਦਾ ਸੁੰਦਰ ਉਪਰਾਲਾ।

### ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ ਗੁਰਗੱਦੀ ਦਿਵਸ
24 ਸਤੰਬਰ 2026




**Address : 3636 Gurdwara Ave, San Jose, CA, 95148**
**www.sanjosegurdwara.com | (408) 274-9373**


Gillson TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
Freightliner and Volvo 2020 and present
Reset pay away from Terminals– Stockton,. CA and Dayton, Ohio
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd. Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com

# ਜਨ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ: ਪੰਜਾਬ ਵਿੱਚ ਸਾਰੀਆਂ ਸਰਕਾਰੀ ਇਮਾਰਤਾਂ ਪੁਲਾਂ ਅਤੇ ਕਲਵਰਟਾਂ ਦੇ ਸਟ੍ਰਕਚਰਲ ਆਡਿਟ ਦੇ ਹੁਕਮ- ਹਰਭਜਨ ਸਿੰਘ ਈ.ਟੀ.ਓ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ.ਹਰਭਜਨ ਸਿੰਘ ਈ.ਟੀ.ਓ. ਨੇ ਵਿਭਾਗ ਦੇ ਅਧਿਕਾਰੀਆਂ ਨੂੰ ਸੂਬੇ ਭਰ ਵਿੱਚ ਲੋਕ ਨਿਰਮਾਣ ਵਿਭਾਗ ਦੇ ਅਧਿਕਾਰ ਖੇਤਰ ਅਧੀਨ ਆਉਂਦੀਆਂ ਸਾਰੀਆਂ ਸਰਕਾਰੀ ਇਮਾਰਤਾਂ, ਪੁਲਾਂ, ਕਲਵਰਟਾਂ ਅਤੇ ਹੋਰ ਬ੍ਰਿਜ ਸਟ੍ਰਕਚਰਜ਼ ਦੀ ਸੁਰੱਖਿਆ ਜਾਂਚ (ਸਟ੍ਰਕਚਰਲ ਆਡਿਟ) ਕਰਵਾਉਣ ਲਈ ਹੁਕਮ ਜਾਰੀ ਕੀਤੇ ਹਨ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀ ਸੁਰੱਖਿਆ ਅਤੇ ਭਲਾਈ ਨੂੰ ਸਭ ਤੋਂ ਵੱਧ ਤਰਜੀਹ ਦਿੰਦੀ ਹੈ। ਸਰਕਾਰ ਦਾ ਉਦੇਸ਼ ਜਨਤਕ ਬੁਨਿਆਦੀ ਢਾਂਚੇ ਦੀ ਮਜ਼ਬੂਤੀ, ਸੁਰੱਖਿਆ ਅਤੇ ਸਮੇਂ ਸਿਰ ਰੱਖ-ਰਖਾਅ ਨੂੰ ਯਕੀਨੀ ਬਣਾਉਣਾ ਹੈ ਤਾਂ ਜੋ ਲੋਕਾਂ ਨੂੰ ਸੁਰੱਖਿਅਤ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ।ਹਰਭਜਨ ਸਿੰਘ ਈ.ਟੀ.ਓ. ਨੇ ਹਦਾਇਤ ਕੀਤੀ ਕਿ ਸਾਰੀਆਂ ਸਰਕਾਰੀ ਇਮਾਰਤਾਂ ਦੀ ਸਬੰਧਤ ਫੀਲਡ ਅਧਿਕਾਰੀਆਂ ਰਾਹੀਂ ਜਾਂਚ ਕਰਵਾ ਕੇ ਉਨ੍ਹਾਂ ਦੀ ਸਟ੍ਰਕਚਰਲ ਸਥਿਤੀ ਦਾ ਵਿਸਥਾਰਤ ਮੁਲਾਂਕਣ ਕੀਤਾ ਜਾਵੇ। ਜਾਂਚ ਦੌਰਾਨ ਸਾਹਮਣੇ ਆਉਣ ਵਾਲੀਆਂ ਖਾਮੀਆਂ, ਨੁਕਸਾਂ ਜਾਂ ਕਮਜ਼ੋਰੀਆਂ ਨੂੰ ਤੁਰੰਤ ਦੂਰ ਕਰਨ ਲਈ ਲੋੜੀਂਦੇ ਰੋਕਥਾਮੀ ਕਦਮ, ਮੁਰੰਮਤ ਜਾਂ ਰਿਹੈਬਿਲਿਟੇਸ਼ਨ ਦੇ ਕੰਮ ਪਹਿਲ ਦੇ ਆਧਾਰ 'ਤੇ ਕਰਵਾਏ



ਜਾਣ।
ਉਨ੍ਹਾਂ ਸਪੱਸ਼ਟ ਕੀਤਾ ਕਿ ਜਿਹੜੀਆਂ ਸਰਕਾਰੀ ਇਮਾਰਤਾਂ ਅਸੁਰੱਖਿਅਤ ਐਲਾਨੀਆਂ ਗਈਆਂ ਹਨ, ਉਨ੍ਹਾਂ ਦੀ ਵਰਤੋਂ ਕਿਸੇ ਵੀ ਹਾਲਤ ਵਿੱਚ ਨਾ ਹੋਣ ਦਿੱਤੀ ਜਾਵੇ, ਜਦੋਂ ਤੱਕ ਲੋੜੀਂਦੇ ਸੁਧਾਰਾਤਮਕ ਕੰਮ ਪੂਰੇ ਕਰਕੇ ਉਨ੍ਹਾਂ ਨੂੰ ਮੁੜ ਸੁਰੱਖਿਅਤ ਨਾ ਐਲਾਨਿਆ ਜਾਵੇ।ਇਸੇ ਤਰ੍ਹਾਂ ਮੰਤਰੀ ਨੇ ਵਿਭਾਗ ਅਧੀਨ ਆਉਂਦੇ ਸਾਰੇ ਪੁਲਾਂ, ਕਲਵਰਟਾਂ ਅਤੇ ਹੋਰ ਬ੍ਰਿਜ ਸਟ੍ਰਕਚਰਜ਼ ਦੀ ਵੀ ਸੁਰੱਖਿਆ ਜਾਂਚ ਕਰਨ ਦੇ ਹੁਕਮ ਦਿੱਤੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕੋਈ ਢਾਂਚਾ ਅਸੁਰੱਖਿਅਤ ਪਾਇਆ ਜਾਂਦਾ ਹੈ ਤਾਂ ਲੋੜੀਂਦੇ ਕੰਮ ਪੂਰੇ ਹੋਣ ਤੱਕ ਤੁਰੰਤ ਟ੍ਰੈਫਿਕ ਪਾਬੰਦੀਆਂ ਜਾਂ ਹੋਰ ਉਚਿਤ ਸੁਰੱਖਿਆ ਉਪਾਅ ਲਾਗੂ ਕੀਤੇ ਜਾਣ। ਹਰਭਜਨ ਸਿੰਘ ਈ.ਟੀ.ਓ ਨੇ ਇਹ ਵੀ ਹਦਾਇਤ ਕੀਤੀ ਕਿ ਕਿਸੇ ਵੀ ਸਰਕਾਰੀ ਇਮਾਰਤ, ਪੁਲ ਜਾਂ ਕਲਵਰਟ ਦੀ ਸਟ੍ਰਕਚਰਲ ਮਜ਼ਬੂਤੀ ਨੂੰ ਪ੍ਰਭਾਵਿਤ ਕਰਨ ਵਾਲਾ ਕੋਈ ਵੀ ਬਦਲਾਅ, ਮੋਡੀਫਿਕੇਸ਼ਨ, ਮਜ਼ਬੂਤੀਕਰਨ, ਚੌੜਾਈ ਵਧਾਉਣ, ਢਾਹੁਣ ਜਾਂ ਹੋਰ ਕੰਮ ਸਮਰੱਥ ਅਥਾਰਟੀ ਦੀ ਪਹਿਲਾਂ ਮਨਜ਼ੂਰੀ ਤੋਂ ਬਿਨਾਂ ਨਾ ਕੀਤਾ ਜਾਵੇ। ਅਜਿਹੇ ਸਾਰੇ ਕੰਮ ਲਾਗੂ ਨਿਯਮਾਂ, ਤਕਨੀਕੀ ਕੋਡ ਅਤੇ ਵਿਭਾਗੀ ਹਦਾਇਤਾਂ ਅਨੁਸਾਰ ਹੀ ਕੀਤੇ ਜਾਣ।ਸਖ਼ਤ ਰੁਖ ਅਪਣਾਉਂਦਿਆਂ ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜ਼ਿੰਮੇਵਾਰ ਅਧਿਕਾਰੀਆਂ ਵਿਰੁੱਧ ਸਖ਼ਤ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੁਰੱਖਿਅਤ, ਮਜ਼ਬੂਤ ਅਤੇ ਟਿਕਾਊ ਜਨਤਕ ਬੁਨਿਆਦੀ ਢਾਂਚਾ ਯਕੀਨੀ ਬਣਾਉਣ ਲਈ ਵਚਨਬੱਧ ਹੈ ਅਤੇ ਲੋਕਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਹਰ ਲੋੜੀਂਦਾ ਕਦਮ ਚੁੱਕਿਆ ਜਾ ਰਿਹਾ ਹੈ।

# ਭਗਵੰਤ ਮਾਨ ਸਰਕਾਰ ਵੱਲੋਂ ਲਿਖਤੀ ਭਰੋਸੇ ਤੋਂ ਬਾਅਦ ਕਿਸਾਨਾਂ ਨੇ ਚੰਡੀਗੜ੍ਹ-ਮੋਹਾਲੀ ਸਰਹੱਦ 'ਤੇ ਚੱਲ ਰਿਹਾ ਧਰਨਾ ਸਮਾਪਤ ਕੀਤਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪ੍ਰਦਰਸ਼ਨਕਾਰੀ ਕਿਸਾਨ ਯੂਨੀਅਨਾਂ ਦੀਆਂ ਮੁੱਖ ਮੰਗਾਂ ਪ੍ਰਵਾਨ ਕਰਦਿਆਂ ਦਿੱਤੇ ਲਿਖਤੀ ਭਰੋਸੇ ਤੋਂ ਬਾਅਦ ਚੰਡੀਗੜ੍ਹ-ਮੋਹਾਲੀ ਹੱਦ 'ਤੇ ਧਰਨਾ ਦੇ ਰਹੇ ਕਿਸਾਨਾਂ ਨੇ ਸੋਮਵਾਰ ਸ਼ਾਮ ਆਪਣਾ ਸੰਘਰਸ਼ ਸਮਾਪਤ ਕਰ ਦਿੱਤਾ। ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਸਾਨ ਨੁਮਾਇੰਦਿਆਂ ਨੂੰ ਸਰਕਾਰ ਵੱਲੋਂ ਦਿੱਤਾ ਲਿਖਤੀ ਭਰੋਸਾ ਸੌਂਪਿਆ।ਲਿਖਤੀ ਸਮਝੌਤੇ ਅਨੁਸਾਰ ਪੰਜਾਬ ਸਰਕਾਰ ਇੱਕ ਮਹੀਨੇ ਦੇ ਅੰਦਰ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੱਦੇਗੀ, ਜਿਸ ਵਿੱਚ ਅਹਿਮ ਮੁੱਦਿਆਂ ਸਬੰਧੀ ਮਤੇ ਪਾਸ ਕਰਕੇ ਕੇਂਦਰ ਸਰਕਾਰ ਨੂੰ ਭੇਜੇ ਜਾਣਗੇ। ਇਨ੍ਹਾਂ ਵਿੱਚ ਦਹਾਕਿਆਂ ਪੁਰਾਣੇ ਗੈਰ-ਸੰਵਿਧਾਨਕ ਜਲ ਵੰਡ ਸਮਝੌਤਿਆਂ 'ਤੇ ਮੁੜ ਵਿਚਾਰ ਕਰਨ ਦੀ ਮੰਗ, ਪੰਜਾਬ ਪੁਨਰਗਠਨ ਐਕਟ ਦੀਆਂ ਧਾਰਾਵਾਂ 78, 79 ਅਤੇ 80 ਨੂੰ ਰੱਦ ਕਰਕੇ ਸੂਬੇ ਦੇ ਰਿਪੇਰੀਅਨ ਅਧਿਕਾਰ ਬਹਾਲ ਕਰਨ, ਡੈਮ ਸੇਫਟੀ ਐਕਟ ਨੂੰ ਰੱਦ ਕਰਨ ਅਤੇ ਸੀਡ ਬਿੱਲ, 2025 ਨੂੰ ਵਾਪਸ ਲੈਣ ਦੀ ਮੰਗ ਸ਼ਾਮਲ ਹੈ।
ਕਿਸਾਨਾਂ ਦੀ ਭਲਾਈ ਲਈ ਭਗਵੰਤ ਮਾਨ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦਿਆਂ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਗੱਲਬਾਤ ਅਤੇ ਆਪਸੀ ਸਮਝ ਰਾਹੀਂ ਮਸਲਿਆਂ ਦੇ ਹੱਲ ਵਿੱਚ ਵਿਸ਼ਵਾਸ ਰੱਖਦੀ ਹੈ। ਉਨ੍ਹਾਂ ਕਿਹਾ, "ਭਗਵੰਤ ਮਾਨ ਸਰਕਾਰ ਆਪਣੇ ਅੰਨਦਾਤਿਆਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਅਸੀਂ



ਗੱਲਬਾਤ ਰਾਹੀਂ ਮਸਲੇ ਹੱਲ ਕਰਨ ਵਿੱਚ ਵਿਸ਼ਵਾਸ ਰੱਖਦੇ ਹਾਂ ਅਤੇ ਕਿਸਾਨਾਂ ਦੀਆਂ ਜਾਇਜ਼ ਮੰਗਾਂ ਨੂੰ ਪੂਰੀ ਪਾਰਦਰਸ਼ਤਾ ਨਾਲ ਲਿਖਤੀ ਰੂਪ ਵਿੱਚ ਪ੍ਰਵਾਨ ਕੀਤਾ ਹੈ।" ਕਿਸਾਨਾਂ 'ਤੇ ਵਿੱਤੀ ਬੋਝ ਘਟਾਉਣ ਲਈ ਖੇਤੀਬਾੜੀ ਮੰਤਰੀ ਨੇ ਬਕਾਇਆ ਕਰਜ਼ਿਆਂ ਲਈ ਵਨ-ਟਾਈਮ ਸੈਟਲਮੈਂਟ (ਓਟੀਐਸ) ਨੀਤੀ ਤਿਆਰ ਕਰਨ ਦਾ ਵੀ ਐਲਾਨ ਕੀਤਾ। ਇਹ ਨੀਤੀ ਖਾਸ ਤੌਰ 'ਤੇ ਸਹਿਕਾਰੀ ਬੈਂਕਾਂ, ਜਿਨ੍ਹਾਂ ਵਿੱਚ ਪੰਜਾਬ ਸਟੇਟ ਕੋਆਪਰੇਟਿਵ ਬੈਂਕ ਅਤੇ ਸਹਿਕਾਰੀ ਸਭਾਵਾਂ ਸ਼ਾਮਲ ਹਨ, ਤੋਂ ਲਏ ਕਰਜ਼ਿਆਂ ਲਈ ਤਿਆਰ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਾਰੀਆਂ ਸਿਆਸੀ ਪਾਰਟੀਆਂ ਨਾਲ ਸਲਾਹ-ਮਸ਼ਵਰਾ ਕਰਕੇ ਇੱਕ ਕਮੇਟੀ ਦਾ ਗਠਨ ਕੀਤਾ ਜਾਵੇਗਾ, ਜੋ ਓਟੀਐਸ ਨੀਤੀ ਤਿਆਰ ਕਰੇਗੀ ਅਤੇ ਇਹ ਨੀਤੀ ਕਿਸਾਨਾਂ 'ਤੇ ਕਰਜ਼ੇ ਦੇ ਬੋਝ ਨੂੰ ਘਟਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ। ਗੰਨੇ ਦੇ ਭਾਅ ਦੇ ਮੁੱਦੇ 'ਤੇ ਗੁਰਮੀਤ ਸਿੰਘ ਖੁੱਡੀਆਂ ਨੇ ਸਪੱਸ਼ਟ ਕੀਤਾ ਕਿ ਪੰਜਾਬ ਦੇਸ਼ ਵਿੱਚ ਕਿਸਾਨਾਂ ਨੂੰ ਗੰਨੇ ਦਾ ਸਭ ਤੋਂ ਵੱਧ ਭਾਅ ਦੇਣਾ ਜਾਰੀ ਰੱਖੇਗਾ। ਉਨ੍ਹਾਂ ਦੱਸਿਆ ਕਿ ਗੰਨੇ ਦਾ ਭਾਅ ਤੈਅ ਕਰਨ ਸਬੰਧੀ ਫਾਈਲ ਸੋਮਵਾਰ ਨੂੰ ਹੀ ਪੇਸ਼ ਕਰਨ ਦੇ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ, ਤਾਂ ਜੋ ਪ੍ਰਕਿਰਿਆ ਵਿੱਚ ਬਿਨਾਂ ਕਿਸੇ ਦੇਰੀ ਦੇ ਸ਼ੁਰੂਆਤ ਕੀਤੀ ਜਾ ਸਕੇ।ਖੇਤੀਬਾੜੀ ਮੰਤਰੀ ਨੇ ਅੱਗੇ ਕਿਹਾ ਕਿ ਨਿੱਜੀ ਖੰਡ ਮਿੱਲਾਂ ਵੱਲ ਕਿਸਾਨਾਂ ਦੇ ਬਕਾਇਆ ਭੁਗਤਾਨਾਂ ਦੀ ਸਮਾਂਬੱਧ ਢੰਗ ਨਾਲ ਅਦਾਇਗੀ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸਹਿਕਾਰੀ ਖੰਡ ਮਿੱਲਾਂ ਵਿੱਚ ਪਹਿਲਾਂ ਤੋਂ ਲਾਗੂ 'ਇੱਕ ਵਿੰਡੋ, ਇੱਕ ਭੁਗਤਾਨ' ਪ੍ਰਣਾਲੀ ਨੂੰ ਨਿੱਜੀ ਖੰਡ ਮਿੱਲਾਂ ਤੱਕ ਵੀ ਵਧਾਇਆ ਜਾਵੇਗਾ।ਕਿਸਾਨ ਯੂਨੀਅਨਾਂ ਦੀਆਂ ਬਾਕੀ ਮੰਗਾਂ ਸਬੰਧੀ ਗੁਰਮੀਤ ਸਿੰਘ ਖੁੱਡੀਆਂ ਨੇ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਦੇ ਸੀਨੀਅਰ ਅਧਿਕਾਰੀਆਂ ਅਤੇ ਕਿਸਾਨ ਯੂਨੀਅਨਾਂ ਵੱਲੋਂ ਨਾਮਜ਼ਦ ਨੁਮਾਇੰਦਿਆਂ 'ਤੇ ਆਧਾਰਿਤ ਸਾਂਝੀ ਕਮੇਟੀ ਦਾ ਗਠਨ ਕੀਤਾ ਜਾਵੇਗਾ। ਇਹ ਕਮੇਟੀ ਬਕਾਇਆ ਮਾਮਲਿਆਂ ਦੀ ਜਾਂਚ ਕਰਕੇ ਉਨ੍ਹਾਂ ਦੇ ਛੇਤੀ ਅਤੇ ਪ੍ਰਭਾਵਸ਼ਾਲੀ ਹੱਲ ਲਈ ਕੰਮ ਕਰੇਗੀ।

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਹਿਮਾਚਲ ਪ੍ਰਦੇਸ਼ ਦੇ ਬੋਰਡਿੰਗ ਸਕੂਲ 'ਚ ਸਿੱਖ ਬੱਚੇ ਨਾਲ ਰੈਗਿੰਗ ਦੀ ਨਿੰਦਾ

ਅੰਮ੍ਰਿਤਸਰ
ਡਾ.ਰਜਿੰਦਰ ਰਿਖੀ

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਹਿਮਾਚਲ ਪ੍ਰਦੇਸ਼ ਦੇ ਸੋਲਨ ਜ਼ਿਲ੍ਹੇ ਦੇ ਇੱਕ ਬੋਰਡਿੰਗ ਸਕੂਲ ਵਿੱਚ ਇੱਕ ਸਿੱਖ ਬੱਚੇ ਨਾਲ ਕੀਤੀ ਗਈ ਰੈਗਿੰਗ ਦੀ ਘਟਨਾ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਘਟਨਾ ਹੈ ਕਿ ਇੱਕ ਸਿੱਖ ਬੱਚੇ ਨਾਲ ਸਕੂਲ ਦੇ ਹੀ ਦੂਜੇ ਬੱਚਿਆਂ ਨੇ ਇਹੋ ਜਿਹੇ ਹਰਕਤ ਕੀਤੀ, ਜਿਸ ਨੂੰ ਰੋਕਣ ਦੀ ਪੂਰੀ ਜ਼ਿੰਮੇਵਾਰੀ ਸਕੂਲ ਪ੍ਰਸ਼ਾਸਨ ਦੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਬੱਚੇ ਨਾਲ ਇਹੋ ਜਿਹੀ ਹਰਕਤ ਨਹੀਂ ਹੋਣੀ ਚਾਹੀਦੀ।ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਉਨ੍ਹਾਂ ਨੇ ਪੀੜਤ ਸਿੱਖ ਬੱਚੇ ਦੇ ਪਰਿਵਾਰ ਅਤੇ ਬੱਚੇ ਨਾਲ ਗੱਲਬਾਤ ਕੀਤੀ ਹੈ ਅਤੇ ਉਨ੍ਹਾਂ ਨੂੰ ਚੜ੍ਹਦੀ ਕਲਾ ਵਿੱਚ ਰਹਿਣ ਦਾ ਸੰਦੇਸ਼ ਦਿੰਦਿਆਂ ਭਰੋਸਾ ਦਿੱਤਾ ਹੈ ਸ੍ਰੀ ਅਕਾਲ ਤਖ਼ਤ ਸਾਹਿਬ ਪਰਿਵਾਰ ਦੇ ਨਾਲ ਖੜ੍ਹਾ ਹੈ।ਉਨ੍ਹਾਂ ਕਿਹਾ ਕਿ ਇਸ ਘਟਨਾ ਦੀ ਇੱਕ ਵੀਡੀਓ ਸੋਸ਼ਲ ਮੀਡੀਆ ਉੱਤੇ ਸਾਹਮਣੇ ਆਈ ਹੈ, ਇਸ ਲਈ ਸਮੂਹ ਮੀਡੀਆ ਅਤੇ ਵੈੱਬ ਚੈਨਲਾਂ ਨੂੰ ਪਰਿਵਾਰ ਦੀ ਭਾਵਨਾ ਅਨੁਸਾਰ ਇਹ ਆਖਿਆ ਕਿ ਵਾਇਰਲ ਵੀਡੀਓ ਨੂੰ ਆਪਣੇ ਚੈਨਲਾਂ ਉੱਤੇ ਪ੍ਰਕਾਸ਼ਿਤ ਨਾ ਕੀਤਾ ਜਾਵੇ ਅਤੇ ਨਾ ਹੀ ਬੱਚੇ ਦੀ ਪਛਾਣ ਜਨਤਕ ਕੀਤੀ ਜਾਵੇ ਕਿਉਂਕਿ ਇਹ ਉਸ ਦੇ ਭਵਿੱਖ ਨਾਲ ਜੁੜਿਆ ਮਾਮਲਾ ਹੈ।ਉਨ੍ਹਾਂ ਕਿਹਾ ਕਿ ਭਾਵੇਂ ਕਿ ਪੀੜਤ ਬੱਚਿਆਂ ਦੇ ਪਰਿਵਾਰਕ ਮੈਂਬਰਾਂ ਦੀ ਸ਼ਿਕਾਇਤ ਤੋਂ ਬਾਅਦ ਹਿਮਾਚਲ ਪ੍ਰਦੇਸ਼ ਪੁਲਿਸ ਨੇ ਇਸ ਮਾਮਲੇ ਵਿੱਚ ਰੈਗਿੰਗ ਕਰਨ ਵਾਲੇ ਦੋਸ਼ੀਆਂ ਵਿਰੁੱਧ ਸਖ਼ਤ ਧਾਰਾਵਾਂ ਤਹਿਤ ਪਰਚਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਪਰੰਤੂ ਇਸ ਘਟਨਾ ਵਿੱਚ ਸਕੂਲ ਪ੍ਰਸ਼ਾਸਨ ਤੇ ਪ੍ਰਿੰਸੀਪਲ ਦੀ ਭੂਮਿਕਾ ਗ਼ੈਰ-ਸੰਜੀਦਾ ਤੇ ਠੀਕ ਨਹੀਂ ਰਹੀ ਹੈ।ਉਨ੍ਹਾਂ ਕਿਹਾ ਕਿ ਬੱਚਿਆਂ ਦੇ ਮਾਪਿਆਂ ਵੱਲੋਂ ਸਕੂਲ ਪ੍ਰਿੰਸੀਪਲ ਵਿਰੁੱਧ ਸ਼ਿਕਾਇਤਾਂ ਕੀਤੀਆਂ ਜਾ ਰਹੀਆਂ ਹਨ, ਇਸ ਲਈ ਉਨ੍ਹਾਂ ਨੇ ਸਕੂਲ ਪ੍ਰਸ਼ਾਸਨ ਨਾਲ ਗੱਲ ਕਰਕੇ ਅਜਿਹੇ ਪ੍ਰਿੰਸੀਪਲ ਨੂੰ



ਤੁਰੰਤ ਬਦਲਣ ਲਈ ਆਖਿਆ ਹੈ ਜੋ ਬੱਚਿਆਂ ਵਿੱਚ ਅਨੁਸ਼ਾਸਨ ਕਾਇਮ ਨਹੀਂ ਰੱਖ ਸਕਦਾ। ਉਨ੍ਹਾਂ ਕਿਹਾ ਕਿ ਸਕੂਲ ਪ੍ਰਸ਼ਾਸਨ ਨੇ ਭਰੋਸਾ ਦਿੱਤਾ ਹੈ ਕਿ ਉਹ ਇੱਕ ਹਫ਼ਤੇ ਦੇ ਵਿੱਚ ਪ੍ਰਿੰਸੀਪਲ ਬਦਲ ਦੇਣਗੇ।


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

ੴ

ਜੇਹਾ ਚੀਰੀ ਲਿਖਿਆ ਤੇਰਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥੧॥

IN LOVING MEMORY OF

# RAVINDER SINGH RANDHAWA



*March 6, 1960 - August 31, 2026*

Memorial Service

**Wednesday, September 9, 2026**

**10am-12pm**

Sunset View Cemetery
101 Colusa Ave
El Cerrito CA, 94530

**Sehaj Path Bhog & Langar will follow**

Randhawa Residence
1153 Stirling Drive
Rodeo CA, 94572

*For further information, please contact:*

Gurdeep Kaur 510-260-4009 | Rajinder Singh 510-224-7871


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਲਏ ਫਾਈਨਲ ਪੇਪਰ ਅਤੇ ਸਵੈ ਰੋਜ਼ਗਾਰ ਲਈ ਦਿੱਤੀਆਂ 12 ਸਿਲਾਈ ਮਸ਼ੀਨਾਂ

ਮੁਕਤਸਰ
ਸਾਂਝੀ ਸੋਚ ਬਿਊਰੋ

ਡਾਕਟਰ ਐਸ ਪੀ ਸਿੰਘ ਓਬਰਾਏ ਵਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਸੰਨੀ ਓਬਰਾਏ ਸਵੈ ਰੋਜ਼ਗਾਰ ਸਕੀਮ ਤਹਿਤ ਨੋਜਵਾਨ ਲੜਕੇ ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਵੱਡੀ ਪੱਧਰ ਤੇ ਸਿਖਲਾਈ ਸੈਂਟਰ (ਬਿਊਟੀ ਪਾਰਲਰ, ਕੰਪਿਊਟਰ ਸੈਂਟਰ, ਸਿਲਾਈ) ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਰਹਿਨੁਮਾਈ ਹੇਠ ਖੋਲੇ ਜਾ ਰਹੇ ਹਨ ਤਾਂ ਜੋ ਇਹ ਲੋਕ ਤਕਨੀਕੀ ਸਿੱਖਿਆ ਲੈ ਕੇ ਆਪਣੇ ਪੈਰਾਂ ਤੇ ਖੜੇ ਹੋ ਸਕਣ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਅਜਿਹੇ 8 ਮੁਫ਼ਤ ਸਿਖਲਾਈ ਸੈਂਟਰ (ਮਲੋਟ, ਮੁਕਤਸਰ, ਲੰਬੀ,) ਚੱਲ ਰਹੇ ਹਨ, ਇਨ੍ਹਾਂ ਵਿਚ 6 ਮਹੀਨਿਆਂ ਦੀ ਸਿਖਲਾਈ ਦੋਰਾਨ ਸਿਖਿਆਰਥੀਆਂ ਤੋਂ ਕੋਈ ਵੀ ਫੀਸ ਨਹੀਂ ਲਈ ਜਾਂਦੀ। ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਪਿੰਡ ਬੁਰਜ ਸਿੱਧਵਾਂ (ਮਲੋਟ) ਅਤੇ ਗੁਰਦੁਆਰਾ ਸਾਹਿਬ ਅਬੋਹਰ ਰੋਡ ਸ੍ਰੀ ਮੁਕਤਸਰ ਸਾਹਿਬ ਵਿਖੇ ਚੱਲ ਰਹੇ ਮੁਫ਼ਤ ਸਿਲਾਈ ਸੈਂਟਰਾਂ ਦੇ ਪੇਪਰ ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਦੀ ਰਹਿਨੁਮਾਈ ਹੇਠ ਲਏ ਗਏ। ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਪੇਪਰ ਲੈਣ ਉਪਰੰਤ 12 ਲੋੜਵੰਦ ਔਰਤਾਂ ਨੂੰ ਆਪਣਾਂ ਰੋਜ਼ਗਾਰ ਸ਼ੁਰੂ ਕਰਨ ਲਈ ਮੁਫ਼ਤ ਸਿਲਾਈ ਮਸ਼ੀਨਾਂ ਵੀ ਦਿੱਤੀਆਂ ਗਈਆਂ। ਮਸ਼ੀਨਾਂ ਲੈਣ ਉਪਰੰਤ ਔਰਤਾਂ ਵੱਲੋਂ ਡਾ ਓਬਰਾਏ ਦਾ ਧੰਨਵਾਦ ਕੀਤਾ ਗਿਆ ਅਤੇ ਕਿਹਾ ਕਿ ਇਸ ਉਪਰਾਲੇ ਨਾਲ ਅਸੀਂ ਖ਼ੁਦ ਕਮਾਉਣ ਦੇ ਸਮਰੱਥ ਹੋ ਗਏ ਹਾਂ। ਇਸ ਮੌਕੇ ਜਸਪਾਲ ਸਿੰਘ ਰਿਟਾ ਲੈਕਚਰਾਰ ਸੀਨੀਅਰ ਮੀਤ ਪ੍ਰਧਾਨ, ਗੁਰਪਾਲ ਸਿੰਘ ਪਾਲੀ, ਮਲਕੀਤ ਸਿੰਘ ਰਿਟਾ ਬੈਕ ਮੈਨੇਜਰ ਮੀਤ ਪ੍ਰਧਾਨ, ਮਾਸਟਰ ਰਾਜਿੰਦਰ ਸਿੰਘ, ਅਸ਼ੋਕ ਕੁਮਾਰ ,ਸੋਮ ਨਾਥ, ਬਰਨੇਕ ਸਿੰਘ ਰਿਟਾ ਲੈਕਚਰਾਰ, ਮੈਡਮ ਅਮਰਜੀਤ ਕੌਰ ਪਟਿਆਲਾ, ਮੈਡਮ ਵੀਰਪਾਲ ਕੌਰ, ਮਲਕੀਤ ਸਿੰਘ ਕਾਲਾ ਖੱਪਿਆਂਵਾਲ਼ੀ, ਬਾਬਾ ਜੀ ਖੱਪਿਆਂਵਾਲ਼ੀ, ਸਿਲਾਈ ਅਧਿਆਪਕਾਂ ਖੱਪਿਆਂਵਾਲ਼ੀ, ਅਨਿਲ ਜੁਨੇਜਾ ਪ੍ਰਧਾਨ ਮਲੋਟ ਇਕਾਈ, ਬਲਜੀਤ ਕੌਰ ਮਿਉਂਸਪਲ ਕੌਂਸਲਰ ਮਲੋਟ, ਸ੍ਰੀਮਤੀ ਪ੍ਰਵੀਨ ਰਾਣੀ ਮਲੋਟ,ਸੋਹਣ ਲਾਲ ਗੁੰਬਰ ਮਲੋਟ, ਜਸਵਿੰਦਰ ਸਿੰਘ ਵਾਲੀਆਂ ਮਲੋਟ, ਸੁਰਿੰਦਰ ਕੁਮਾਰ ਅਤੇ ਕੇਵਲ ਛਾਬੜਾ ਮਲੋਟ ਆਦਿ ਹਾਜ਼ਰ ਸਨ।



# ਡਾ. ਦਵਿੰਦਰ ਕੌਰ ਸਿੱਧੂ ਵੱਲੋਂ "ਕਰਮਨ ਯੂਨੀਫਾਈਡ ਸਕੂਲ ਬੋਰਡ ਆਫ ਟਰਸਟੀਜ਼" ਲਈ ਉਮੀਦਵਾਰ "ਸਮੁੱਚੇ ਭਾਈਚਾਰੇ ਨੂੰ ਉਨ੍ਹਾਂ ਦਾ ਸਹਿਯੋਗ ਦੇਣ ਦੀ ਮੰਗ"

ਫਰਿਜ਼ਨੋ
ਕੁਲਵੰਤ ਧਾਲੀਆਂ,ਨੀਟਾ ਮਾਛੀਕੇ

ਸੈਂਟਰਲ ਕੈਲੇਫੋਰਨੀਆਂ ਵਿੱਚ ਫਰਿਜ਼ਨੋ ਨਜ਼ਦੀਕੀ ਸ਼ਹਿਰ ਕਰਮਨ ਦੇ "ਕਰਮਨ ਯੂਨੀਫਾਈਡ ਸਕੂਲ ਬੋਰਡ ਆਫ਼ ਟਰੱਸਟੀਜ਼" ਦੀ ਚੋਣ ਲਈ ਡਾ. ਦਵਿੰਦਰ ਕੌਰ ਸਿੱਧੂ ਪੰਜਾਬੀ ਭਾਈਚਾਰੇ ਵਿੱਚੋਂ ਬਤੌਰ ਉਮੀਦਵਾਰ ਅੱਗੇ ਆਈ ਹੈ। ਡਾ. ਸਿੱਧੂ ਉੱਚ ਵਿੱਦਿਆ ਪ੍ਰਾਪਤ ਅਤੇ ਬੱਚਿਆਂ ਦੇ ਸੁਨਹਿਰੇ ਭਵਿੱਖ ਲਈ ਸੋਚਣ ਵਾਲੀ ਉਮੀਦਵਾਰ ਹੈ। ਜਿਸ ਨੇ 33 ਸਾਲ ਪਹਿਲਾਂ ਕਰਮਨ ਯੂਨੀਫਾਈਡ ਸਕੂਲ ਡਿਸਟ੍ਰਿਕਟ ਵਿੱਚ ਬਤੌਰ ਅਧਿਆਪਕ ਆਪਣੇ ਕੈਰੀਅਰ ਦੀ ਸ਼ੁਰੂਆਤ ਕੀਤੀ ਸੀ। ਉਨ੍ਹਾਂ ਦੇ ਦੋਵੇਂ ਪੁੱਤਰਾਂ ਨੇ ਕਰਮਨ ਸਕੂਲ ਤੋਂ ਪੜ੍ਹਾਈ ਕੀਤੀ ਅਤੇ ਗ੍ਰੈਜੂਏਸ਼ਨ ਕੀਤੀ ਅਤੇ ਅੱਜ ਉਨ੍ਹਾਂ ਦੀ ਪੋਤਰੀ ਵੀ ਕਰਮਨ ਸਕੂਲ ਦੀ ਵਿਦਿਆਰਥਣ ਹੈ। ਉਹ ਇੱਕ ਸਿੱਖਿਆ ਸ਼ਾਸਤਰੀ ਅਤੇ ਪ੍ਰਸ਼ਾਸਕ ਹਨ। ਜਿਸ ਕੋਲ ਵਿਦਿਆਰਥੀਆਂ ਅਤੇ ਪਰਿਵਾਰਾਂ ਦੀ ਸੇਵਾ ਕਰਨ ਦਾ 32 ਸਾਲਾਂ ਤੋਂ ਵੱਧ ਦਾ ਤਜਰਬਾ ਹੈ। ਉਨ੍ਹਾਂ ਦਾ ਕੈਰੀਅਰ ਇੱਕ ਅਧਿਆਪਕ ਤੋਂ ਸ਼ੁਰੂ ਹੋ ਕੇ ਸਹਾਇਕ ਸੁਪਰਡੈਂਟ ਤੱਕ ਦਾ ਸਫਲਤਾ ਪੂਰਵਕ ਰਿਹਾ ਹੈ ਅਤੇ ਹੁਣ ਟੁਲੈਰੀ ਕਾਉਂਟੀ ਆਫ਼ਿਸ ਆਫ਼ ਐਜੂਕੇਸ਼ਨ ਵਿਖੇ 'ਮਿਡ-ਸਟੇਟ ਕੋਲਾਬੋਰੇਟਿਵ ਜੀਓ ਲੀਡ ਏਜੰਸੀ' ਦੇ ਡਾਇਰੈਕਟਰ ਵਜੋਂ ਸੇਵਾ ਨਿਭਾ ਰਹੇ ਹਨ। ਉਨ੍ਹਾਂ ਨੇ ਦੱਸਿਆ ਕਿ "ਮੈਂ ਇੱਕ ਟਰੱਸਟੀ ਵਜੋਂ ਆਪਣੀ 'ਸੇਵਾ-ਭਾਵੀ ਅਗਵਾਈ' ਨੂੰ ਜਾਰੀ ਰੱਖਣ ਲਈ ਚੋਣ ਲੜ ਰਿਹਾ ਹਾਂ, ਤਾਂ ਜੋ ਵਿਦਿਆਰਥੀਆਂ, ਮਾਪਿਆਂ, ਸਟਾਫ ਅਤੇ ਭਾਈਚਾਰੇ ਨਾਲ ਨਿਰੰਤਰ ਸਹਿਯੋਗ ਰਾਹੀਂ ਕਰਮਨ ਸਕੂਲ ਨੂੰ ਮਜ਼ਬੂਤ ਬਣਾਇਆ ਜਾ ਸਕੇ। ਮੈਂ ਸੁਰੱਖਿਅਤ ਅਤੇ ਮਜ਼ਬੂਤ ਸਕੂਲਾਂ ਦੀ ਮਹੱਤਤਾ ਅਤੇ ਵਿਦਿਆਰਥੀਆਂ, ਪਰਿਵਾਰਾਂ ਅਤੇ ਸਾਡੇ ਭਵਿੱਖ 'ਤੇ ਉਨ੍ਹਾਂ ਦੇ ਡੂੰਘੇ ਪ੍ਰਭਾਵ ਨੂੰ ਸਮਝਦੀ ਹਾਂ। ਉਸ ਭਾਈਚਾਰੇ ਲਈ ਕੁਝ ਵਾਪਸ ਕਰਨਾ ਮੇਰੇ ਲਈ ਮਾਣ ਵਾਲੀ ਗੱਲ ਹੋਵੇਗੀ, ਜਿਸ ਨੇ ਮੇਰੇ ਪਰਿਵਾਰ ਨੂੰ ਬਹੁਤ ਕੁਝ ਦਿੱਤਾ ਹੈ ਅਤੇ ਨਾਲ ਹੀ ਕਰਮਨ ਦੇ ਵਿਦਿਆਰਥੀਆਂ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਉੱਜਵਲ ਭਵਿੱਖ ਬਣਾਉਣ ਵਿੱਚ ਮਦਦ ਕਰਨਾ ਵੀ ਮੇਰੇ ਲਈ ਮਾਣ ਦੀ ਗੱਲ ਹੋਵੇਗੀ।" ਡਾ. ਦਵਿੰਦਰ ਕੌਰ ਸਿੱਧੂ ਆਪਣੇ ਕਾਰਜਕਾਲ ਦੌਰਾਨ ਬੱਚਿਆਂ ਅਤੇ ਉਨ੍ਹਾਂ ਨੂੰ ਆ ਰਹੀਆਂ ਸਮੱਸਿਆਵਾਂ ਤੋਂ ਜਾਣੂ ਰਹੇ ਹਨ। ਉਨ੍ਹਾਂ ਨੇ ਹਮੇਸ਼ਾ ਹੀ ਚੰਗੇ ਵਿਦਿਅਕ ਸਿਸਟਮ ਨੂੰ ਚਲਾਉਣ ਲਈ ਪਹਿਲ ਦੇ ਆਧਾਰ ਤੇ ਉਪਰਾਲੇ ਕੀਤੇ ਹਨ। ਕਰਮਨ ਸ਼ਹਿਰ ਵਿੱਚ ਵਲੰਟੀਅਰ ਤੌਰ ਤੇ ਉਨ੍ਹਾਂ ਵੀਕਐਂਡ ਪੰਜਾਬੀ ਸਕੂਲ ਦੀ ਸ਼ੁਰੂਆਤ ਅਤੇ ਸੇਵਾਵਾਂ ਵੀ ਪ੍ਰਦਾਨ ਕੀਤੀਆਂ ਸਨ ਤਾਂ ਜੋ ਬੱਚਿਆਂ ਨੂੰ ਇੱਥੋਂ ਦੀ ਪੜ੍ਹਾਈ ਦੇ ਨਾਲ-ਨਾਲ ਆਪਣੇ ਧਰਮ ਅਤੇ ਸੱਭਿਆਚਾਰਕ ਵਿਰਸੇ ਨਾਲ ਜੋੜਿਆ ਜਾ ਸਕੇ। ਉਨ੍ਹਾਂ ਦਾ ਕਹਿਣਾ ਹੈ ਕਿ ਉਹ ਬੱਚਿਆਂ ਦੇ ਸੁਨਹਿਰੇ ਭਵਿੱਖ ਅਤੇ ਆ ਰਹੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਹਰ ਸੰਭਵ ਯਤਨ ਕਰਨਗੇ। ਸੋ ਸਮੁੱਚੇ ਭਾਈਚਾਰੇ ਨੂੰ ਡਾ. ਸਿੱਧੂ ਨੂੰ ਵੋਟ ਪਾਉਣ ਲਈ ਅਪੀਲ ਕੀਤੀ ਗਈ ਹੈ। ਅਜਿਹਾ ਕਰਦੇ ਹੋਏ ਅਸੀਂ ਇੱਕ ਯੋਗ ਅਗਵਾਈ ਵਾਲੇ ਆਪਣੇ ਭਾਈਚਾਰੇ ਦੇ ਉਮੀਦਵਾਰ ਨੂੰ ਅੱਗੇ ਲਿਆ ਸਕਦੇ ਹਾਂ।



# ਅੰਮ੍ਰਿਤਸਰ ਵਿੱਚ ਸਰਹੱਦ ਪਾਰੋਂ ਤਸਕਰੀ ਵਾਲੇ ਮਾਡਿਊਲ ਨਾਲ ਸਬੰਧਤ ਦੋ ਮੁਲਜ਼ਮ 15 ਪਿਸਤੌਲਾਂ ਅਤੇ 5 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚਲਾਈ ਜਾਰੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਅਤੇ ਨਾਜਾਇਜ਼ ਹਥਿਆਰਾਂ ਦੀ ਤਸਕਰੀ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਕੇ ਦੋ ਵਿਅਕਤੀਆਂ ਨੂੰ 15 ਪਿਸਤੌਲਾਂ ਅਤੇ 5 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਦੀਪਕ ਸਿੰਘ, ਵਾਸੀ ਰੋੜਾਂਵਾਲਾ ਖੁਰਦ ਅਤੇ ਸ਼ੁਭਪ੍ਰੀਤ ਸਿੰਘ ਉਰਫ਼ ਸ਼ੁਭ, ਵਾਸੀ ਵੇਰਕਾ-ਮਜੀਠਾ ਬਾਈਪਾਸ, ਅੰਮ੍ਰਿਤਸਰ ਵਜੋਂ ਹੋਈ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਉਕਤ ਮੁਲਜ਼ਮ ਕਥਿਤ ਤੌਰ 'ਤੇ ਵਿਦੇਸ਼ ਅਧਾਰਤ ਹੈਂਡਲਰਾਂ ਦੇ ਸੰਪਰਕ ਵਿੱਚ ਸਨ ਅਤੇ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ ਅਨੁਸਾਰ ਨਾਜਾਇਜ਼ ਹਥਿਆਰਾਂ ਅਤੇ ਨਸ਼ਿਆਂ ਦੀਆਂ ਖੇਪਾਂ ਪ੍ਰਾਪਤ ਕਰਕੇ ਅੱਗੇ ਸਪਲਾਈ ਕਰ ਰਹੇ ਸਨ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਅਤੇ ਨਾਜਾਇਜ਼ ਹਥਿਆਰਾਂ ਤੇ ਨਸ਼ਾ ਤਸਕਰੀ ਦੇ ਵਿਆਪਕ ਨੈੱਟਵਰਕ ਦੇ ਖ਼ਾਤਮੇ ਲਈ ਅਗਲੇਰੀ ਜਾਂਚ ਜਾਰੀ ਹੈ। ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਬਾਰਡਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਥਾਣਾ ਘਰਿੰਡਾ ਦੀਆਂ ਟੀਮਾਂ ਨੂੰ ਠੋਸ ਸੂਚਨਾ ਮਿਲੀ ਸੀ ਕਿ ਦੋ ਸ਼ੱਕੀ ਵਿਅਕਤੀ, ਜੋ ਨਾਜਾਇਜ਼ ਪਿਸਤੌਲਾਂ ਅਤੇ ਹੈਰੋਇਨ ਦੀ ਤਸਕਰੀ ਕਰਦੇ ਹਨ, ਅਟਾਰੀ ਖੇਤਰ ਵਿੱਚ ਘੁੰਮ ਰਹੇ ਹਨ। ਇਸ ਸੂਚਨਾ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਪਾਰਟੀ ਨੇ ਅਟਾਰੀ-ਝਬਾਲ ਰੋਡ 'ਤੇ ਸਥਿਤ ਧੁੱਸੀ ਬੰਨ੍ਹ ਟੀ-ਪੁਆਇੰਟ 'ਤੇ ਨਾਕਾ ਲਗਾਇਆ ਅਤੇ ਐਕਟਿਵਾ ਸਕੂਟਰ 'ਤੇ ਸਵਾਰ ਦੋ ਸ਼ੱਕੀ ਵਿਅਕਤੀਆਂ ਨੂੰ ਰੋਕਿਆ। ਆਈਜੀਪੀ ਨੇ ਦੱਸਿਆ ਕਿ ਐਕਟਿਵਾ ਸਵਾਰ ਸ਼ੁਭਪ੍ਰੀਤ ਸਿੰਘ ਅਤੇ ਪਿੱਛੇ ਬੈਠੇ ਦੀਪਕ ਸਿੰਘ ਦੀ ਤਲਾਸ਼ੀ ਲੈਣ 'ਤੇ ਉਨ੍ਹਾਂ ਕੋਲੋਂ 15 ਪਿਸਤੌਲਾਂ ਅਤੇ 5 ਕਿਲੋ ਹੈਰੋਇਨ ਦੀ ਖੇਪ ਬਰਾਮਦ ਹੋਈ।



ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਅੰਮ੍ਰਿਤਸਰ ਦਿਹਾਤੀ ਕੰਵਲਪ੍ਰੀਤ ਸਿੰਘ ਚਾਹਲ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਵਾਂ ਮੁਲਜ਼ਮਾਂ ਤੋਂ ਪੁੱਛਗਿੱਛ ਦੇ ਆਧਾਰ 'ਤੇ ਇਸ ਮਾਡਿਊਲ ਵਿੱਚ ਸ਼ਾਮਲ ਦੋ ਹੋਰ ਮੁਲਜ਼ਮਾਂ ਦੀ ਪਛਾਣ ਕਰ ਲਈ ਗਈ ਹੈ ਅਤੇ ਉਨ੍ਹਾਂ ਨੂੰ ਕਾਬੂ ਕਰਨ ਲਈ ਛਾਪੇਮਾਰੀ ਜਾਰੀ ਹੈ। ਇਸ ਸਬੰਧੀ ਥਾਣਾ ਘਰਿੰਡਾ, ਅੰਮ੍ਰਿਤਸਰ ਦਿਹਾਤੀ ਵਿਖੇ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ 21, 25 ਤੇ 29 ਅਤੇ ਅਸਲਾ ਐਕਟ ਦੀ ਧਾਰਾ 25(8) ਤਹਿਤ ਐਫ.ਆਈ.ਆਰ. ਨੰਬਰ 388 ਮਿਤੀ 06.09.2026 ਦਰਜ ਕੀਤੀ ਗਈ ਹੈ।

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ੳ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਅੰਤਰਰਾਸ਼ਟਰੀ ਫ਼ੋਰਮ ਯੂਐੱਸਏ ਵੱਲੋਂ ਡਾ.ਐੱਸ.ਪੀ ਸਿੰਘ ਓਬਰਾਏ ਦਾ ਵਿਸ਼ੇਸ਼ ਸਨਮਾਨ

ਮੈਰੀਲੈਂਡ
ਸਾਂਝੀ ਸੋਚ ਬਿਊਰੋ

ਅੰਤਰਰਾਸ਼ਟਰੀ ਫ਼ੋਰਮ ਯੂਐੱਸਏ ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਡਾਇਰੈਕਟਰ ਅਤੇ ਉੱਘੇ ਸਮਾਜ ਸੇਵੀ ਡਾ. ਐੱਸ.ਪੀ. ਸਿੰਘ ਓਬਰਾਏ ਨੂੰ ਸਿੱਖਿਆ, ਸਿਹਤ, ਮਨੁੱਖੀ ਸੇਵਾ ਅਤੇ ਸਮਾਜ ਭਲਾਈ ਦੇ ਖੇਤਰਾਂ ਵਿੱਚ ਪਾਏ ਜਾ ਰਹੇ ਵਡਮੁੱਲੇ ਯੋਗਦਾਨ ਲਈ ਵਿਸ਼ੇਸ਼ ਸਨਮਾਨ ਪੱਤਰ ਭੇਟ ਕੀਤਾ ਗਿਆ। ਸ਼੍ਰੋਮਣੀ ਅਕਾਲੀ ਦਲ ਦੇ ਵਫ਼ਦ ਨੇ ਸਾਬਕਾ ਪ੍ਰਧਾਨ ਸਤਪਾਲ ਸਿੰਘ ਬਰਾੜ ਦੀ ਅਗਵਾਈ ਹੇਠ ਡਾ. ਓਬਰਾਏ ਦਾ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ। ਸਤਪਾਲ ਸਿੰਘ ਬਰਾੜ ਨੇ ਡਾ. ਓਬਰਾਏ ਵੱਲੋਂ ਜਾਤ-ਪਾਤ, ਧਰਮ ਅਤੇ ਕੌਮੀਅਤ ਤੋਂ ਉੱਪਰ ਉੱਠ ਕੇ ਕੀਤੀ ਜਾ ਰਹੀ ਮਨੁੱਖਤਾ ਦੀ ਸੇਵਾ ਦੀ ਭਰਪੂਰ ਸ਼ਲਾਘਾ ਕੀਤੀ।

ਮੈਰੀਲੈਂਡ ਸਟੇਟ ਦੇ ਕਮਿਸ਼ਨਰ ਅਮਰਜੀਤ ਸਿੰਘ ਸੰਧੂ ਨੇ ਵੀ ਡਾ. ਓਬਰਾਏ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਜੀ ਆਇਆਂ ਆਖਿਆ। ਵਰਲਡ ਯੂਨਾਈਟਿਡ ਗੁਰੂ ਨਾਨਕ ਫਾਊਂਡੇਸ਼ਨ ਦੇ ਚੇਅਰਮੈਨ ਅਮਰ ਸਿੰਘ ਮੱਲ੍ਹੀ ਨੇ ਉਨ੍ਹਾਂ ਦਾ ਸਵਾਗਤ ਕਰਦਿਆਂ ਮਨੁੱਖਤਾ ਪ੍ਰਤੀ ਨਿਭਾਈਆਂ ਜਾ ਰਹੀਆਂ ਨਿਰਸਵਾਰਥ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ।

ਇਸ ਮੌਕੇ ਕੁਲਦੀਪ ਸਿੰਘ ਮੱਲ੍ਹਾ, ਪ੍ਰਤਾਪ ਸਿੰਘ ਗਿੱਲ, ਗੁਰਚਰਨ ਸਿੰਘ ਗੁਰੂ, ਬੀ.ਐੱਸ. ਰੰਧਾਵਾ, ਲਖਬੀਰ ਸਿੰਘ ਤੱਖਰ ਅਤੇ ਨਿਰਪਜੀਤ ਸਿੰਘ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਸਮਾਗਮ ਨੂੰ ਸੰਬੋਧਨ ਕਰਦਿਆਂ ਡਾ. ਓਬਰਾਏ ਨੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਸਿੱਖਿਆ, ਸਿਹਤ ਸੇਵਾਵਾਂ ਅਤੇ ਨੌਜਵਾਨਾਂ ਨੂੰ ਪ੍ਰਸ਼ਾਸਨਿਕ ਸੇਵਾਵਾਂ ਲਈ ਤਿਆਰ ਕਰਨ ਵਾਸਤੇ ਚਲਾਈ ਜਾ ਰਹੀ ਸਿਵਲ ਸਰਵਿਸਿਜ਼ ਅਕੈਡਮੀ ਦੇ ਪ੍ਰੋਜੈਕਟਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਲੋਕ-ਭਲਾਈ ਪ੍ਰੋਜੈਕਟਾਂ ਰਾਹੀਂ ਅਗਲੇ ਦਸ ਸਾਲਾਂ ਵਿੱਚ ਪੰਜਾਬ ਦੇ ਨੌਜਵਾਨਾਂ ਨੂੰ ਸਮਰੱਥ ਬਣਾਉਣ, ਬੁਨਿਆਦੀ ਸੇਵਾਵਾਂ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਨੂੰ ਸਮਾਜਿਕ ਤੇ ਆਰਥਿਕ ਪੱਖੋਂ ਮਜ਼ਬੂਤ ਲੀਹਾਂ ਉੱਤੇ ਲਿਆਉਣ ਦੀ ਯੋਜਨਾ ਹੈ।

ਡਾ. ਓਬਰਾਏ ਨੇ ਸਨਮਾਨ, ਪਿਆਰ ਅਤੇ ਨਿੱਘੀ ਮੇਜ਼ਬਾਨੀ ਲਈ ਅੰਤਰਰਾਸ਼ਟਰੀ ਫ਼ੋਰਮ ਯੂਐੱਸਏ ਅਤੇ ਸਮੂਹ ਪਤਵੰਤਿਆਂ ਦਾ ਧੰਨਵਾਦ ਕੀਤਾ। ਡਾ. ਓਬਰਾਏ ਦੇ ਸਨਮਾਨ ਵਿੱਚ ਅੰਤਰਰਾਸ਼ਟਰੀ ਫ਼ੋਰਮ ਯੂਐੱਸਏ ਦੇ ਚੇਅਰਮੈਨ ਡਾ. ਸੁਰਿੰਦਰ ਸਿੰਘ ਗਿੱਲ ਵੱਲੋਂ ਸ਼ਾਨਦਾਰ ਦੁਪਹਿਰ ਦੇ ਭੋਜਨ ਦਾ ਪ੍ਰਬੰਧ ਕੀਤਾ ਗਿਆ। ਸਮਾਗਮ ਦੀ ਮੀਡੀਆ ਕਵਰੇਜ ਜਸ਼ਨ ਸਿੰਘ ਅਤੇ ਸਿਰਮੁਖ ਸਿੰਘ ਮਾਣਕ ਵੱਲੋਂ ਕੀਤੀ ਗਈ। ਸਮਾਗਮ ਦੀ ਸਮਾਪਤੀ ਮੌਕੇ ਹਾਜ਼ਰ ਆਗੂਆਂ ਨੇ ਡਾ. ਓਬਰਾਏ ਦੇ ਦੂਰਅੰਦੇਸ਼ੀ ਮਿਸ਼ਨ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੀਆਂ ਸੇਵਾਵਾਂ ਨੂੰ ਦਇਆ, ਨਿਰਸਵਾਰਥ ਸੇਵਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਪ੍ਰੇਰਨਾਦਾਇਕ ਮਿਸਾਲ ਦੱਸਿਆ।


















Pal Films Production
All Your Photo/Videography & Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

# ਨਾਭਾ ਤੋਂ ਉੱਠੀ ਸ਼ਟਲ ਦੀ ਆਵਾਜ਼-ਜਗਸ਼ੇਰ ਸਿੰਘ ਖੰਗੂੜਾ




ਪੰਜਾਬ ਦੀ ਖੇਡ ਪਛਾਣ ਲੰਮੇ ਸਮੇਂ ਤੱਕ ਹਾਕੀ, ਕਬੱਡੀ ਅਤੇ ਕੁਸ਼ਤੀ ਦੇ ਆਲੇ-ਦੁਆਲੇ ਘੁੰਮਦੀ ਰਹੀ ਹੈ। ਪਰ ਬਦਲਦੇ ਦੌਰ ਵਿੱਚ ਖੇਡ ਦਾ ਨਕਸ਼ਾ ਵੀ ਬਦਲ ਰਿਹਾ ਹੈ। ਇਸ ਬਦਲਾਅ ਦੀ ਇੱਕ ਉਮੀਦ ਭਰੀ ਤਸਵੀਰ ਨਾਭਾ ਦੇ ਜੰਮਪਲ ਜਗਸ਼ੇਰ ਸਿੰਘ ਖੰਗੂੜਾ ਦੇ ਰੂਪ ਵਿੱਚ ਸਾਹਮਣੇ ਆ ਰਹੀ ਹੈ। ਜਗਸ਼ੇਰ ਦੀ ਕਹਾਣੀ ਇਸ ਲਈ ਮਹੱਤਵਪੂਰਨ ਨਹੀਂ ਕਿ ਉਸ ਨੇ ਕੁਝ ਤਮਗੇ ਜਿੱਤੇ ਹਨ; ਅਸਲ ਮਹੱਤਤਾ ਇਸ ਗੱਲ ਦੀ ਹੈ ਕਿ ਇੱਕ ਛੋਟੇ ਸ਼ਹਿਰ ਦਾ ਨੌਜਵਾਨ ਅਜਿਹੀ ਖੇਡ ਵਿੱਚ ਆਪਣੀ ਥਾਂ ਬਣਾ ਰਿਹਾ ਹੈ ਜਿਸ ਵਿੱਚ ਪੰਜਾਬ ਨੂੰ ਰਵਾਇਤੀ ਤੌਰ 'ਤੇ ਅਗਵਾਈ ਵਾਲਾ ਸੂਬਾ ਨਹੀਂ ਮੰਨਿਆ ਜਾਂਦਾ। 2024 ਵਿੱਚ ਮਹਿਜ਼ 15 ਸਾਲ ਦੀ ਉਮਰ ਵਿੱਚ ਅੰਡਰ-19 ਆਲ ਇੰਡੀਆ ਜੂਨੀਅਰ ਰੈਂਕਿੰਗ ਟੂਰਨਾਮੈਂਟ ਦੇ ਮੁੱਖ ਡਰਾਅ ਵਿੱਚ ਪਹੁੰਚਣਾ ਉਸ ਦੀ ਪ੍ਰਤਿਭਾ ਦਾ ਪਹਿਲਾ ਵੱਡਾ ਸੰਕੇਤ ਸੀ। ਇਸ ਤੋਂ ਅਗਲੇ ਸਾਲ ਭੁਵਨੇਸ਼ਵਰ ਵਿੱਚ 37ਵੀਂ ਸਬ-ਜੂਨੀਅਰ ਨੈਸ਼ਨਲ ਬੈਡਮਿੰਟਨ ਚੈਂਪੀਅਨਸ਼ਿਪ ਦੇ ਅੰਡਰ-17 ਸਿੰਗਲਜ਼ ਵਿੱਚ ਸੋਨ ਤਮਗਾ ਜਿੱਤ ਕੇ ਉਸ ਨੇ ਇਹ ਸਾਬਤ ਕਰ ਦਿੱਤਾ ਕਿ ਉਹ ਸਿਰਫ਼ ਸੰਭਾਵਨਾ ਨਹੀਂ ਨਤੀਜਾ ਦੇਣ ਵਾਲਾ ਖਿਡਾਰੀ ਵੀ ਹੈ। ਉਸ ਫਾਈਨਲ ਦੀ ਖ਼ਾਸ ਗੱਲ ਇਹ ਸੀ ਕਿ ਸੋਨਾ ਅਤੇ ਚਾਂਦੀ ਦੋਵੇਂ ਪੰਜਾਬ ਦੇ ਖਿਡਾਰੀਆਂ ਦੇ ਹਿੱਸੇ ਆਏ। ਇਹ ਸਿਰਫ਼ ਇੱਕ ਮੁਕਾਬਲੇ ਦਾ ਨਤੀਜਾ ਨਹੀਂ ਸੀ; ਇਹ ਪੰਜਾਬ ਵਿੱਚ ਬੈਡਮਿੰਟਨ ਦੀ ਬਦਲ ਰਹੀ ਤਸਵੀਰ ਦਾ ਸੰਕੇਤ ਸੀ।

ਫਿਰ 2026 ਆਇਆ ਅਤੇ ਜਗਸ਼ੇਰ ਨੇ ਉਮਰ ਦੀ ਹੱਦ ਤੋਂ ਅੱਗੇ ਵਧ ਕੇ ਆਪਣੀ ਸਮਰੱਥਾ ਦਿਖਾਈ। ਭਾਰਤੀ ਅੰਡਰ-19 ਟੀਮ ਵਿੱਚ ਚੋਣ ਅਤੇ ਏਸ਼ੀਆ ਜੂਨੀਅਰ ਚੈਂਪੀਅਨਸ਼ਿਪ ਵਿੱਚ ਦੇਸ਼ ਦੀ ਨੁਮਾਇੰਦਗੀ ਉਸ ਦੇ ਸਫ਼ਰ ਨੂੰ ਕੌਮੀ ਮੰਚ ਤੋਂ ਅੰਤਰਰਾਸ਼ਟਰੀ ਪੱਧਰ ਵੱਲ ਲੈ ਗਈ। ਇਸ ਤੋਂ ਬਾਅਦ ਜਲੰਧਰ ਵਿੱਚ ਪੰਜਾਬ ਦੇ ਸੀਨੀਅਰ ਮੁਕਾਬਲੇ ਵਿੱਚ ਮੈਨਜ਼ ਸਿੰਗਲਜ਼ ਦਾ ਖ਼ਿਤਾਬ ਜਿੱਤਣਾ ਉਸ ਦੀ ਸਭ ਤੋਂ ਪ੍ਰਭਾਵਸ਼ਾਲੀ ਪ੍ਰਾਪਤੀਆਂ ਵਿੱਚੋਂ ਇੱਕ ਹੈ। ਨੌਜਵਾਨ ਖਿਡਾਰੀ ਵੱਲੋਂ ਸੀਨੀਅਰ ਖ਼ਿਤਾਬ ਜਿੱਤਣਾ ਮਹਿਜ਼ ਅੰਕੜਾ ਨਹੀਂ; ਇਹ ਮੁਕਾਬਲੇ ਦੀ ਮਾਨਸਿਕਤਾ ਅਤੇ ਖੇਡ ਪਰਿਪੱਕਤਾ ਦਾ ਸੰਕੇਤ ਹੈ। ਪਰ ਇੱਥੇ ਇੱਕ ਵੱਡਾ ਸਵਾਲ ਵੀ ਖੜ੍ਹਾ ਹੁੰਦਾ ਹੈ ਕੀ ਪੰਜਾਬ ਕੋਲ ਜਗਸ਼ੇਰ ਵਰਗੀਆਂ ਪ੍ਰਤਿਭਾਵਾਂ ਨੂੰ ਲੰਬੀ ਦੌੜ ਦਾ ਖਿਡਾਰੀ ਬਣਾਉਣ ਲਈ ਲੋੜੀਂਦਾ ਖੇਡ ਢਾਂਚਾ ਹੈ?

ਇੱਕ ਚੈਂਪੀਅਨ ਪੈਦਾ ਕਰਨ ਲਈ ਸਿਰਫ਼ ਪ੍ਰਤਿਭਾ ਕਾਫ਼ੀ ਨਹੀਂ ਹੁੰਦੀ। ਉਸ ਨੂੰ ਚੰਗੀ ਕੋਚਿੰਗ, ਵਿਗਿਆਨਕ ਸਿਖਲਾਈ, ਫਿਟਨੈੱਸ, ਖੇਡ ਮਨੋਵਿਗਿਆਨ, ਕੌਮਾਂਤਰੀ ਪੱਧਰ ਦੇ ਮੁਕਾਬਲੇ ਅਤੇ ਲਗਾਤਾਰ ਵਿੱਤੀ ਸਹਾਇਤਾ ਦੀ ਲੋੜ ਹੁੰਦੀ ਹੈ। ਸਭ ਤੋਂ ਵੱਡੀ ਗੱਲ ਉਸ ਨੂੰ ਅਜਿਹਾ ਮਾਹੌਲ ਚਾਹੀਦਾ ਹੈ ਜਿੱਥੇ ਤਮਗਾ ਜਿੱਤਣ ਤੋਂ ਬਾਅਦ ਵੀ ਉਸ ਦੀ ਅਗਲੀ ਮੰਜ਼ਿਲ ਬਾਰੇ ਸੋਚਿਆ ਜਾਵੇ।


ਜਗਸ਼ੇਰ ਦੀ ਪ੍ਰਾਪਤੀ ਇਸ ਲਈ ਵੀ ਪੰਜਾਬ ਲਈ ਇੱਕ ਸਬਕ ਹੈ ਕਿ ਖੇਡ ਪ੍ਰਤਿਭਾ ਸਿਰਫ਼ ਵੱਡੇ ਸ਼ਹਿਰਾਂ ਵਿੱਚ ਨਹੀਂ ਹੁੰਦੀ। ਨਾਭਾ ਵਰਗੇ ਸ਼ਹਿਰਾਂ ਅਤੇ ਕਸਬਿਆਂ ਵਿੱਚ ਵੀ ਅਜਿਹੇ ਨੌਜਵਾਨ ਹਨ ਜੋ ਸਹੀ ਮੌਕਾ ਮਿਲਣ 'ਤੇ ਰਾਸ਼ਟਰੀ ਪੱਧਰ 'ਤੇ ਆਪਣਾ ਨਾਮ ਬਣਾ ਸਕਦੇ ਹਨ। ਸਵਾਲ ਪ੍ਰਤਿਭਾ ਦੀ ਘਾਟ ਦਾ ਨਹੀਂ, ਮੌਕਿਆਂ ਦੀ ਬਰਾਬਰੀ ਦਾ ਹੈ। ਜਗਸ਼ੇਰ ਦੇ ਪਿੱਛੇ ਪਰਿਵਾਰ ਅਤੇ ਕੋਚਿੰਗ ਪ੍ਰਬੰਧ ਦੀ ਮਿਹਨਤ ਵੀ ਹੈ। ਪਰ ਕਿਸੇ ਇੱਕ ਪਰਿਵਾਰ ਜਾਂ ਕੋਚ ਦੀ ਮਿਹਨਤ ਨੂੰ ਹੀ ਸਫ਼ਲਤਾ ਦਾ ਮਾਡਲ ਬਣਾ ਕੇ ਸਰਕਾਰੀ ਜ਼ਿੰਮੇਵਾਰੀ ਤੋਂ ਪਾਸਾ ਨਹੀਂ ਵੱਟਿਆ ਜਾ ਸਕਦਾ। ਜੇ ਪੰਜਾਬ ਸੱਚਮੁੱਚ ਖੇਡਾਂ ਵਿੱਚ ਨਵੀਂ ਪਛਾਣ ਬਣਾਉਣਾ ਚਾਹੁੰਦਾ ਹੈ ਤਾਂ ਅਜਿਹੇ ਖਿਡਾਰੀਆਂ ਨੂੰ ਸਿਰਫ਼ ਜਿੱਤ ਤੋਂ ਬਾਅਦ ਸਨਮਾਨ ਨਹੀਂ, ਜਿੱਤ ਤੋਂ ਪਹਿਲਾਂ ਸਹੂਲਤਾਂ ਵੀ ਦੇਣੀਆਂ ਪੈਣਗੀਆਂ। ਜਗਸ਼ੇਰ ਅਜੇ ਸਫ਼ਰ ਦੇ ਉਸ ਮੋੜ 'ਤੇ ਹੈ ਜਿੱਥੇ ਇੱਕ ਕੌਮੀ ਚੈਂਪੀਅਨ ਨੂੰ ਅੰਤਰਰਾਸ਼ਟਰੀ ਪੱਧਰ ਦਾ ਖਿਡਾਰੀ ਬਣਨ ਲਈ ਹੋਰ ਸਖ਼ਤ ਇਮਤਿਹਾਨ ਦੇਣੇ ਹਨ। ਇੱਥੇ ਹੀ ਪ੍ਰਬੰਧ ਦੀ ਅਸਲ ਪਰਖ ਹੋਵੇਗੀ। ਜੇ ਉਸ ਨੂੰ ਨਿਰੰਤਰ ਸਹਿਯੋਗ ਮਿਲਦਾ ਹੈ ਤਾਂ ਨਾਭਾ ਦਾ ਇਹ ਸ਼ਟਲਰ ਪੰਜਾਬ ਤੋਂ ਨਿਕਲ ਕੇ ਭਾਰਤੀ ਬੈਡਮਿੰਟਨ ਦੇ ਵੱਡੇ ਮੰਚ 'ਤੇ ਪੱਕੀ ਥਾਂ ਬਣਾ ਸਕਦਾ ਹੈ। ਜਗਸ਼ੇਰ ਸਿੰਘ ਖੰਗੂੜਾ ਦੀ ਕਹਾਣੀ ਇੱਕ ਖਿਡਾਰੀ ਦੀ ਕਾਮਯਾਬੀ ਤੋਂ ਵੱਧ ਹੈ। ਇਹ ਪੰਜਾਬ ਨੂੰ ਪੁੱਛਿਆ ਗਿਆ ਇੱਕ ਸਵਾਲ ਹੈ ਕੀ ਅਸੀਂ ਪ੍ਰਤਿਭਾ ਦੀ ਸਿਰਫ਼ ਤਸਵੀਰ ਖਿੱਚਣੀ ਹੈ ਜਾਂ ਉਸ ਨੂੰ ਚੈਂਪੀਅਨ ਬਣਨ ਤੱਕ ਸਾਥ ਵੀ ਦੇਣਾ ਹੈ?

ਨਾਭਾ ਦੀ ਧਰਤੀ ਨੇ ਆਪਣਾ ਜਵਾਬ ਦੇ ਦਿੱਤਾ ਹੈ। ਹੁਣ ਜਵਾਬ ਦੇਣ ਦੀ ਵਾਰੀ ਪੰਜਾਬ ਦੇ ਖੇਡ ਪ੍ਰਬੰਧ ਦੀ ਹੈ।

SANJHI SOCH
ਨਵਨੀਤ ਸਿੰਘ
9814509900



Chevron
TRUCK STOP
OPEN PARKING, DELI, SHOWER, LAUNDRY
• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.
(Or $9 off Chevron In-Store Purchase)
ਇਥੇ ਪੰਜਾਬੀ ਰੈਸਟੋਰੈਂਟ ਵੀ ਹੈ ਅਤੇ ਹਰ ਵੇਲੇ ਪੰਜਾਬੀ ਖਾਣਾ ਮਿਲਦਾ ਹੈ।
Contact :
BALRAJ SINGH PANNU
541-942-0105
Chevron
1250, Gateway Blvd. Cottage, OR 97424,
Ph : 541-942-4142 Fax : 541-942-9668

PIONEER VILLA



Chevron
TRUCK PLAZA
MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE
WE ACCEPT-TCH T-CHECK
COM CHECK - EFS -
ALL MAJOR CREDIT CARDS
PREETI PANNU
(541) 369-2801
FAX (541) 369-3810
33180 HWY 228 HALSEY, OR 97348


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

# TAKE CONTROL OF YOUR HEALTH!

PRIVATE, AFFORDABLE, & CONVENIENT

## 8000+ TESTS

General Health, Food Allergy Testing, Paternity Testing, Hormone Testing, Diabetes Monitoring, STD Testing, & More!

## NO INSURANCE? NO PROBLEM!

WALK-INS WELCOME

ANYLABTESTNOW!



ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384

Address: 119. Maple AVe, Suite A Manteca, CA 95336

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੈਮਿਓਪੈਥਿਕ ਕਨਸਲਟੈਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.

## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899    (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**



SANJHI SOCH
ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

# ਪਹੀਆਂ ਉੱਤੇ ਵਿਗਿਆਨ
# ਖੋਜ ਨੂੰ ਕਲਾਸਰੂਮ ਤੋਂ ਬਾਹਰ ਲਿਜਾਣਾ

ਵਿਗਿਆਨ ਸਿਰਫ਼ ਕਲਾਸਰੂਮ ਦੀਆਂ ਚਾਰ ਦੀਵਾਰਾਂ ਤੱਕ ਸੀਮਿਤ ਰਹਿਣ ਜਾਂ ਪਾਠ ਪੁਸਤਕ ਦੇ ਸਫ਼ਿਆਂ ਵਿੱਚ ਬੰਦ ਰਹਿਣ ਲਈ ਨਹੀਂ ਹੈ। ਅਸਲ ਵਿਗਿਆਨਕ ਸਿੱਖਿਆ ਉਸ ਵੇਲੇ ਸ਼ੁਰੂ ਹੁੰਦੀ ਹੈ ਜਦੋਂ ਵਿਦਿਆਰਥੀ ਆਪਣੇ ਆਲੇ-ਦੁਆਲੇ ਦੀ ਦੁਨੀਆ ਨੂੰ ਦੇਖਦੇ, ਸਵਾਲ ਪੁੱਛਦੇ, ਪ੍ਰਯੋਗ ਕਰਦੇ ਅਤੇ ਨਵੀਆਂ ਗੱਲਾਂ ਦੀ ਖੋਜ ਕਰਦੇ ਹਨ। ਬਦਕਿਸਮਤੀ ਨਾਲ, ਬਹੁਤ ਸਾਰੇ ਸਕੂਲਾਂ, ਖਾਸ ਕਰਕੇ ਪੇਂਡੂ ਅਤੇ ਆਰਥਿਕ ਤੌਰ 'ਤੇ ਪਿੱਛੜੇ ਖੇਤਰਾਂ ਦੇ ਸਕੂਲਾਂ ਵਿੱਚ, ਚੰਗੀ ਤਰ੍ਹਾਂ ਸਜੀਆਂ-ਸਵਾਰੀਆਂ ਵਿਗਿਆਨ ਪ੍ਰਯੋਗਸ਼ਾਲਾਵਾਂ ਨਹੀਂ ਹਨ। ਅਜਿਹੇ ਸਮੇਂ ਵਿੱਚ "ਪਹੀਆਂ ਉੱਤੇ ਵਿਗਿਆਨ" ਦੀ ਧਾਰਨਾ ਸਿੱਖਿਆ ਵਿੱਚ ਬਦਲਾਅ ਲਿਆਉਣ ਦਾ ਇੱਕ ਪ੍ਰਭਾਵਸ਼ਾਲੀ ਸਾਧਨ ਬਣ ਸਕਦੀ ਹੈ।

ਪਹੀਆਂ ਉੱਤੇ ਵਿਗਿਆਨ ਤੋਂ ਭਾਵ ਇੱਕ ਚਲਦੀ-ਫਿਰਦੀ ਵਿਗਿਆਨ ਪ੍ਰਯੋਗਸ਼ਾਲਾ ਹੈ, ਜੋ ਵਿਗਿਆਨਕ ਉਪਕਰਨਾਂ, ਮਾਡਲਾਂ, ਪ੍ਰਯੋਗਾਂ ਅਤੇ ਸਿੱਖਣ ਸਮੱਗਰੀ ਨਾਲ ਇੱਕ ਸਕੂਲ ਜਾਂ ਭਾਈਚਾਰੇ ਤੋਂ ਦੂਜੇ ਤੱਕ ਜਾਂਦੀ ਹੈ। ਹਰ ਬੱਚੇ ਤੋਂ ਇਹ ਉਮੀਦ ਕਰਨ ਦੀ ਬਜਾਏ ਕਿ ਉਹ ਕਿਸੇ ਵੱਡੀ ਪ੍ਰਯੋਗਸ਼ਾਲਾ ਜਾਂ ਵਿਗਿਆਨ ਕੇਂਦਰ ਤੱਕ ਪਹੁੰਚੇ, ਪ੍ਰਯੋਗਸ਼ਾਲਾ ਖੁਦ ਵਿਦਿਆਰਥੀਆਂ ਤੱਕ ਪਹੁੰਚਦੀ ਹੈ। ਇਸ ਤਰ੍ਹਾਂ ਵਿਹਾਰਕ ਸਿੱਖਿਆ ਉਹਨਾਂ ਬੱਚਿਆਂ ਦੇ ਨੇੜੇ ਆਉਂਦੀ ਹੈ, ਜਿਨ੍ਹਾਂ ਨੂੰ ਪਾਠ ਪੁਸਤਕਾਂ ਤੋਂ ਇਲਾਵਾ ਵਿਗਿਆਨ ਨੂੰ ਅਨੁਭਵ ਕਰਨ ਦੇ ਮੌਕੇ ਘੱਟ ਮਿਲਦੇ ਹਨ।

ਇੱਕ ਮੋਬਾਈਲ ਵਿਗਿਆਨ ਪ੍ਰਯੋਗਸ਼ਾਲਾ ਵਿੱਚ ਭੌਤਿਕ ਵਿਗਿਆਨ, ਰਸਾਇਣ ਵਿਗਿਆਨ ਅਤੇ ਜੀਵ ਵਿਗਿਆਨ ਦੇ ਪ੍ਰਯੋਗਾਂ ਲਈ ਉਪਕਰਨ ਸ਼ਾਮਲ ਹੋ ਸਕਦੇ ਹਨ। ਇਸ ਤੋਂ ਇਲਾਵਾ ਮਾਈਕਰੋਸਕੋਪ, ਮਨੁੱਖੀ ਸਰੀਰ ਦੇ ਮਾਡਲ, ਬੁਨਿਆਦੀ ਇਲੈਕਟ੍ਰਾਨਿਕ ਉਪਕਰਨ, ਸੂਰਜੀ ਊਰਜਾ ਨਾਲ ਸੰਬੰਧਿਤ ਪ੍ਰਦਰਸ਼ਨ ਅਤੇ ਹੋਰ ਇੰਟਰਐਕਟਿਵ ਵਿਗਿਆਨਕ ਸਾਧਨ ਵੀ ਹੋ ਸਕਦੇ ਹਨ। ਸਿਖਲਾਈ ਪ੍ਰਾਪਤ ਅਧਿਆਪਕਾਂ ਅਤੇ ਵਿਗਿਆਨ ਸਿੱਖਿਆਕਾਰਾਂ ਦੀ ਅਗਵਾਈ ਹੇਠ ਵਿਦਿਆਰਥੀ ਖੁਦ ਪ੍ਰਯੋਗ ਕਰ ਸਕਦੇ ਹਨ। ਅਜਿਹੇ ਸਿੱਧੇ ਅਨੁਭਵ ਵਿਗਿਆਨਕ ਧਾਰਨਾਵਾਂ ਨੂੰ ਸਮਝਣਾ ਅਤੇ ਯਾਦ ਰੱਖਣਾ ਹੋਰ ਆਸਾਨ ਬਣਾ ਦਿੰਦੇ ਹਨ। ਉਦਾਹਰਨ ਵਜੋਂ, ਕੋਈ ਵਿਦਿਆਰਥੀ ਕਿਤਾਬ ਵਿੱਚ ਪ੍ਰਕਾਸ਼ ਦੇ ਪਰਾਵਰਤਨ ਬਾਰੇ ਪੜ੍ਹ ਸਕਦਾ ਹੈ, ਪਰ ਸ਼ੀਸ਼ੇ ਰਾਹੀਂ ਪ੍ਰਕਾਸ਼ ਦੇ ਪਰਾਵਰਤਨ ਨੂੰ ਆਪਣੀਆਂ ਅੱਖਾਂ ਨਾਲ ਦੇਖਣਾ ਉਸ ਧਾਰਨਾ ਨੂੰ ਹੋਰ ਅਰਥਪੂਰਨ ਬਣਾ ਦਿੰਦਾ ਹੈ। ਇਸੇ ਤਰ੍ਹਾਂ, ਮਾਈਕਰੋਸਕੋਪ ਹੇਠ ਪੱਤੇ ਜਾਂ ਪਾਣੀ ਦੀ ਇੱਕ ਬੂੰਦ ਦਾ ਅਧਿਐਨ ਕਰਨਾ ਅਜਿਹੀ ਉਤਸੁਕਤਾ ਪੈਦਾ ਕਰ ਸਕਦਾ ਹੈ, ਜੋ ਸਿਰਫ਼ ਲਿਖਤੀ ਵਰਣਨ ਨਾਲ ਪੈਦਾ ਨਹੀਂ ਹੋ ਸਕਦੀ। ਵਿਗਿਆਨ ਉਸ ਵੇਲੇ ਰੋਮਾਂਚਕ ਬਣਦਾ ਹੈ ਜਦੋਂ ਬੱਚਿਆਂ ਨੂੰ ਇਹ ਪੁੱਛਣ ਦੀ ਆਜ਼ਾਦੀ ਮਿਲਦੀ ਹੈ ਕਿ "ਇਹ ਕਿਉਂ ਹੁੰਦਾ ਹੈ?" ਅਤੇ ਫਿਰ ਉਹ ਨਿਰੀਖਣ ਅਤੇ ਪ੍ਰਯੋਗਾਂ ਰਾਹੀਂ ਉਸਦਾ ਜਵਾਬ ਲੱਭਦੇ ਹਨ।

ਪਹੀਆਂ ਉੱਤੇ ਵਿਗਿਆਨ ਦੀ ਯੋਜਨਾ ਖਾਸ ਕਰਕੇ ਪੇਂਡੂ ਸਕੂਲਾਂ ਲਈ ਬਹੁਤ ਲਾਭਦਾਇਕ ਹੋ ਸਕਦੀ ਹੈ। ਬਹੁਤ ਸਾਰੇ ਛੋਟੇ ਸਕੂਲ ਮਹਿੰਗੀਆਂ ਪ੍ਰਯੋਗਸ਼ਾਲਾਵਾਂ ਜਾਂ ਉੱਨਤ ਵਿਗਿਆਨਕ ਉਪਕਰਨ ਖਰੀਦਣ ਦੇ ਯੋਗ ਨਹੀਂ ਹੁੰਦੇ। ਇੱਕ ਸਾਂਝੀ ਮੋਬਾਈਲ ਪ੍ਰਯੋਗਸ਼ਾਲਾ ਕਿਸੇ ਖੇਤਰ ਦੇ ਕਈ ਸਕੂਲਾਂ ਤੱਕ ਪਹੁੰਚ ਸਕਦੀ ਹੈ ਅਤੇ ਵਿਦਿਆਰਥੀਆਂ ਨੂੰ ਉਹ ਸਰੋਤ ਉਪਲਬਧ ਕਰਵਾ ਸਕਦੀ ਹੈ, ਜੋ ਉਨ੍ਹਾਂ ਨੂੰ ਹੋਰਥਾਂ ਨਹੀਂ ਮਿਲ ਸਕਦੇ। ਇਸ ਤਰ੍ਹਾਂ ਮੋਬਾਈਲ ਪ੍ਰਯੋਗਸ਼ਾਲਾਵਾਂ ਸ਼ਹਿਰੀ ਅਤੇ ਪੇਂਡੂ ਵਿਦਿਆਰਥੀਆਂ ਵਿਚਕਾਰ ਸਿੱਖਿਆ ਦੇ ਪਾੜੇ ਨੂੰ ਘਟਾਉਣ ਵਿੱਚ ਮਦਦਗਾਰ ਹੋ ਸਕਦੀਆਂ ਹਨ।

ਇਹ ਪ੍ਰੋਗਰਾਮ ਵਿਗਿਆਨਕ ਉਤਸੁਕਤਾ ਦੀ ਸੰਸਕ੍ਰਿਤੀ ਨੂੰ ਵੀ ਉਤਸ਼ਾਹਿਤ ਕਰ ਸਕਦਾ ਹੈ। ਬੱਚੇ ਕੁਦਰਤੀ ਤੌਰ 'ਤੇ ਜਿਗਿਆਸੂ ਹੁੰਦੇ ਹਨ, ਪਰ ਰਵਾਇਤੀ ਸਿੱਖਿਆ ਪ੍ਰਣਾਲੀ ਕਈ ਵਾਰ ਤੱਥਾਂ ਨੂੰ ਯਾਦ ਕਰਨ ਅਤੇ ਪ੍ਰੀਖਿਆਵਾਂ ਦੀ ਤਿਆਰੀ 'ਤੇ ਬਹੁਤ ਜ਼ਿਆਦਾ ਧਿਆਨ ਕੇਂਦਰਿਤ ਕਰ ਦਿੰਦੀ ਹੈ। ਇੱਕ ਮੋਬਾਈਲ ਵਿਗਿਆਨ ਪ੍ਰਯੋਗਸ਼ਾਲਾ ਵਿਦਿਆਰਥੀਆਂ ਦਾ ਧਿਆਨ ਉੱਤਰ ਯਾਦ ਕਰਨ ਤੋਂ ਸਵਾਲ ਪੁੱਛਣ ਵੱਲ ਮੋੜ ਸਕਦੀ ਹੈ। ਵਿਦਿਆਰਥੀ ਇਹ ਸਮਝ ਸਕਦੇ ਹਨ ਕਿ ਵਿਗਿਆਨ ਸਿਰਫ਼ ਫਾਰਮੂਲਿਆਂ ਅਤੇ ਪਰਿਭਾਸ਼ਾਵਾਂ ਦਾ ਸੰਗ੍ਰਹਿ ਨਹੀਂ, ਸਗੋਂ ਦੁਨੀਆ ਨੂੰ ਸਮਝਣ ਦਾ ਇੱਕ ਢੰਗ ਹੈ। ਪਹੀਆਂ ਉੱਤੇ ਵਿਗਿਆਨ ਵਿਦਿਆਰਥੀਆਂ ਨੂੰ ਵਿਗਿਆਨ, ਤਕਨਾਲੋਜੀ, ਇੰਜੀਨੀਅਰਿੰਗ, ਚਿਕਿਤਸਾ ਅਤੇ ਖੋਜ ਦੇ ਖੇਤਰਾਂ ਵਿੱਚ ਕਰੀਅਰ ਬਣਾਉਣ ਲਈ ਵੀ ਪ੍ਰੇਰਿਤ ਕਰ ਸਕਦਾ ਹੈ। ਬਹੁਤ ਸਾਰੇ ਨੌਜਵਾਨ ਵਿਦਿਆਰਥੀਆਂ ਲਈ, ਖਾਸ ਕਰਕੇ ਉਹਨਾਂ ਲਈ ਜਿਨ੍ਹਾਂ ਨੇ ਕਦੇ ਆਧੁਨਿਕ ਪ੍ਰਯੋਗਸ਼ਾਲਾ ਨਹੀਂ ਦੇਖੀ, ਵਿਗਿਆਨਕ ਉਪਕਰਨਾਂ ਨੂੰ ਦੇਖਣਾ ਅਤੇ ਖੁਦ ਪ੍ਰਯੋਗ ਕਰਨਾ ਨਵੀਆਂ ਸੰਭਾਵਨਾਵਾਂ ਦੇ ਦਰਵਾਜ਼ੇ ਖੋਲ੍ਹ ਸਕਦਾ ਹੈ। ਇੱਕ ਪ੍ਰੇਰਣਾਦਾਇਕ ਅਨੁਭਵ ਵੀ ਕਿਸੇ ਬੱਚੇ ਨੂੰ ਵਿਗਿਆਨੀ, ਇੰਜੀਨੀਅਰ, ਡਾਕਟਰ, ਵਾਤਾਵਰਣ ਵਿਗਿਆਨੀ ਜਾਂ ਨਵੀਨਤਾਕਾਰ ਬਣਨ ਲਈ ਪ੍ਰੇਰਿਤ ਕਰ ਸਕਦਾ ਹੈ। ਕ੍ਰਿਤ੍ਰਿਮ ਬੁੱਧੀ ਅਤੇ ਤੇਜ਼ੀ ਨਾਲ ਅੱਗੇ ਵਧ ਰਹੀ ਤਕਨਾਲੋਜੀ ਦੇ ਯੁੱਗ ਵਿੱਚ ਵਿਹਾਰਕ ਵਿਗਿਆਨਕ ਸਿੱਖਿਆ ਹੋਰ ਵੀ ਮਹੱਤਵਪੂਰਨ ਹੋ ਗਈ ਹੈ। ਵਿਦਿਆਰਥੀਆਂ ਨੂੰ ਨਿਰੀਖਣ, ਆਲੋਚਨਾਤਮਕ ਸੋਚ, ਸਮੱਸਿਆ ਹੱਲ ਕਰਨ ਅਤੇ ਰਚਨਾਤਮਕਤਾ ਵਰਗੇ ਹੁਨਰ ਵਿਕਸਿਤ ਕਰਨ ਦੇ ਮੌਕੇ ਚਾਹੀਦੇ ਹਨ। ਇਹ ਹੁਨਰ ਸਿਰਫ਼ ਪਾਠ ਪੁਸਤਕਾਂ ਰਾਹੀਂ ਵਿਕਸਿਤ ਨਹੀਂ ਕੀਤੇ ਜਾ ਸਕਦੇ। ਹੱਥੀਂ ਪ੍ਰਯੋਗ ਕਰਨ ਨਾਲ ਵਿਦਿਆਰਥੀ ਅਨੁਮਾਨ ਲਗਾਉਣਾ, ਵਿਚਾਰਾਂ ਦੀ ਜਾਂਚ ਕਰਨਾ, ਗਲਤੀਆਂ ਨੂੰ ਪਛਾਣਨਾ ਅਤੇ ਨਤੀਜਿਆਂ ਤੋਂ ਸਿੱਖਣਾ ਸਿੱਖਦੇ ਹਨ।

ਮੋਬਾਈਲ ਪ੍ਰਯੋਗਸ਼ਾਲਾਵਾਂ ਵਿਗਿਆਨ ਨੂੰ ਰੋਜ਼ਾਨਾ ਜੀਵਨ ਨਾਲ ਵੀ ਜੋੜ ਸਕਦੀਆਂ ਹਨ। ਸਾਫ਼ ਪਾਣੀ, ਨਵਿਆਉਣਯੋਗ ਊਰਜਾ, ਸਿਹਤ, ਪੋਸ਼ਣ, ਖੇਤੀਬਾੜੀ, ਜਲਵਾਯੂ ਪਰਿਵਰਤਨ ਅਤੇ ਵਾਤਾਵਰਣ ਸੁਰੱਖਿਆ ਨਾਲ ਸੰਬੰਧਿਤ ਪ੍ਰਦਰਸ਼ਨ ਵਿਦਿਆਰਥੀਆਂ ਨੂੰ ਇਹ ਸਮਝਣ ਵਿੱਚ ਮਦਦ ਕਰ ਸਕਦੇ ਹਨ ਕਿ ਵਿਗਿਆਨ ਉਨ੍ਹਾਂ ਦੇ ਭਾਈਚਾਰੇ ਅਤੇ ਰੋਜ਼ਾਨਾ ਜੀਵਨ ਨੂੰ ਕਿਵੇਂ ਪ੍ਰਭਾਵਿਤ ਕਰਦਾ ਹੈ। ਇਸ ਤਰ੍ਹਾਂ ਵਿਗਿਆਨ ਸਿਰਫ਼ ਪ੍ਰੀਖਿਆਵਾਂ ਦਾ ਵਿਸ਼ਾ ਨਹੀਂ ਰਹਿੰਦਾ, ਸਗੋਂ ਅਸਲ ਜੀਵਨ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦਾ ਸਾਧਨ ਬਣ ਜਾਂਦਾ ਹੈ। ਸਰਕਾਰਾਂ, ਸਿੱਖਿਆ ਸੰਸਥਾਵਾਂ, ਯੂਨੀਵਰਸਿਟੀਆਂ, ਵਿਗਿਆਨਕ ਸੰਸਥਾਵਾਂ ਅਤੇ ਨਿੱਜੀ ਕੰਪਨੀਆਂ ਮਿਲ ਕੇ ਪਹੀਆਂ ਉੱਤੇ ਵਿਗਿਆਨ ਦੀ ਇਸ ਲਹਿਰ ਨੂੰ ਹੋਰ ਵਿਸਥਾਰ ਦੇ ਸਕਦੀਆਂ ਹਨ। ਸਿਖਲਾਈ ਪ੍ਰਾਪਤ ਸਿੱਖਿਆਕਾਰਾਂ ਦੀ ਸਹਾਇਤਾ ਨਾਲ ਤਿਆਰ ਕੀਤੀਆਂ ਮੋਬਾਈਲ ਪ੍ਰਯੋਗਸ਼ਾਲਾਵਾਂ ਪਿੰਡਾਂ ਅਤੇ ਛੋਟੇ ਕਸਬਿਆਂ ਦੇ ਹਜ਼ਾਰਾਂ ਵਿਦਿਆਰਥੀਆਂ ਤੱਕ ਪਹੁੰਚ ਸਕਦੀਆਂ ਹਨ। ਡਿਜ਼ਿਟਲ ਸਾਧਨ ਅਤੇ ਇੰਟਰਐਕਟਿਵ ਤਕਨਾਲੋਜੀ ਵੀ ਅਜਿਹੇ ਪ੍ਰੋਗਰਾਮਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾ ਸਕਦੀ ਹੈ।

ਸਿੱਖਿਆ ਦਾ ਭਵਿੱਖ ਕਿਸੇ ਸਕੂਲ ਦੀ ਸਥਿਤੀ ਜਾਂ ਕਿਸੇ ਭਾਈਚਾਰੇ ਦੀ ਆਰਥਿਕ ਸਮਰੱਥਾ 'ਤੇ ਨਿਰਭਰ ਨਹੀਂ ਹੋਣਾ ਚਾਹੀਦਾ। ਹਰ ਬੱਚੇ ਨੂੰ ਖੋਜ ਕਰਨ, ਪ੍ਰਯੋਗ ਕਰਨ ਅਤੇ ਨਵੀਆਂ ਗੱਲਾਂ ਸਿੱਖਣ ਦਾ ਮੌਕਾ ਮਿਲਣਾ ਚਾਹੀਦਾ ਹੈ। ਪਹੀਆਂ ਉੱਤੇ ਵਿਗਿਆਨ ਉਨ੍ਹਾਂ ਥਾਵਾਂ ਤੱਕ ਪ੍ਰਯੋਗਸ਼ਾਲਾ ਲੈ ਕੇ ਜਾ ਸਕਦਾ ਹੈ, ਜਿੱਥੇ ਪ੍ਰਯੋਗਸ਼ਾਲਾਵਾਂ ਮੌਜੂਦ ਨਹੀਂ ਹਨ, ਅਤੇ ਉਨ੍ਹਾਂ ਬੱਚਿਆਂ ਤੱਕ ਵਿਗਿਆਨਕ ਜਿਗਿਆਸਾ ਪਹੁੰਚਾ ਸਕਦਾ ਹੈ, ਜਿਨ੍ਹਾਂ ਨੂੰ ਸ਼ਾਇਦ ਕਦੇ ਵਿਗਿਆਨ ਨੂੰ ਨੇੜਿਓਂ ਅਨੁਭਵ ਕਰਨ ਦਾ ਮੌਕਾ ਨਾ ਮਿਲੇ।

ਖੋਜ ਨੂੰ ਕਲਾਸਰੂਮ ਤੋਂ ਬਾਹਰ ਲੈ ਜਾ ਕੇ ਮੋਬਾਈਲ ਵਿਗਿਆਨ ਪ੍ਰਯੋਗਸ਼ਾਲਾਵਾਂ ਸਿੱਖਿਆ ਨੂੰ ਹੋਰ ਸਮਾਵੇਸ਼ੀ, ਵਿਹਾਰਕ ਅਤੇ ਪ੍ਰੇਰਣਾਦਾਇਕ ਬਣਾ ਸਕਦੀਆਂ ਹਨ। ਜਦੋਂ ਵਿਗਿਆਨ ਪਹੀਆਂ ਉੱਤੇ ਸਫ਼ਰ ਕਰਦਾ ਹੈ, ਤਾਂ ਉਹ ਸਿਰਫ਼ ਉਪਕਰਨ ਹੀ ਨਹੀਂ ਲੈ ਕੇ ਜਾਂਦਾ ਉਹ ਆਪਣੇ ਨਾਲ ਜਿਗਿਆਸਾ, ਆਤਮਵਿਸ਼ਵਾਸ, ਕਲਪਨਾ ਅਤੇ ਇੱਕ ਬਿਹਤਰ ਭਵਿੱਖ ਦੀਆਂ ਸੰਭਾਵਨਾਵਾਂ ਵੀ ਲੈ ਕੇ ਜਾਂਦਾ ਹੈ। ਵਿਗਿਆਨ ਨੂੰ ਹਮੇਸ਼ਾ ਵਿਦਿਆਰਥੀਆਂ ਦੇ ਉਸ ਕੋਲ ਆਉਣ ਦੀ ਉਡੀਕ ਨਹੀਂ ਕਰਨੀ ਚਾਹੀਦੀ। ਕਈ ਵਾਰ ਵਿਗਿਆਨ ਨੂੰ ਖੁਦ ਵਿਦਿਆਰਥੀਆਂ ਤੱਕ ਪਹੁੰਚਣਾ ਪੈਂਦਾ ਹੈ।










RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

Kirandeep Kaur
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

Contact : Cell (209) 550-1704

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

GHUMAN LAW GROUP INC.

# GHUMAN
## LAW GROUP


ਭਰੋਸੇਯੋਗ ਅਤੇ ਤਜਰਬੇਕਾਰ ਵਕੀਲ ਹੀ ਹਮੇਸ਼ਾ
ਤੁਹਾਡੀ ਸਹੀ ਮਦਦ ਕਰ ਸਕਦਾ ਹੈ।



MON - FRI | 9:00 AM-3:00 PM
+1 (228) 200-0001
www.ghumanlawgroup.org
2450 VENTURE OAKS WAY, STE 225 SACRAMENTO, CA

## ਸਾਡੀਆਂ ਸੇਵਾਵਾਂ

**01** ਜੇ ਕਰ ਤੁਸੀਂ ਕਿਸੇ ਵੀ ਕ੍ਰਿਮਿਨਲ ਕੇਸ ਵਿੱਚ ਫਸੇ ਹੋ।




**02** ਜੇ ਕਰ ਤੁਸੀਂ ਆਪਣੇ ਪੁਰਾਣੇ ਕ੍ਰਿਮਿਨਲ ਕੇਸ ਨੂੰ Expunge ਕਰਵਾਉਣਾ ਚਾਹੁੰਦੇ ਹੋ।




**03** ਜੇ ਕਰ ਤੁਸੀਂ ਆਪਣੇ Immigration Case ਵਿੱਚ ਕੋਈ Appeal ਲਗਾਉਣੀ ਹੈ।




**04** ਜੇ ਕਰ ਤੁਸੀਂ Immigration Case ਵਿੱਚ Bond Hearing ਕਰਵਾਉਣੀ ਹੈ।



ਉੱਪਰ ਲਿਖੀਆਂ ਸੇਵਾਵਾਂ ਵਿੱਚੋਂ ਕਿਸੇ ਵੀ ਸੇਵਾ ਦੀ ਲੋੜ ਹੈ ਤਾਂ ਤੁਸੀਂ ਸਾਡੇ ਨਾਲ ਸੰਪਰਕ ਕਰ ਸਕਦੇ ਹੋ।

**ਜੇ ਕਰ ਤੁਸੀਂ ਆਪਣੇ ਪੁਰਾਣੇ Criminal Case ਕਰਕੇ USA ਦੀ Citizenship ਲਈ Apply ਨਹੀਂ ਕਰ ਰਹੇ**

ਜਾਂ ਤੁਹਾਨੂੰ ਆਪਣਾ Green Card ਖੋਹੇ ਜਾਣ ਦਾ ਡਰ ਹੈ,
ਤਾਂ ਤੁਸੀਂ ਸਾਡੇ ਨਾਲ ਇੱਕ ਵਾਰ ਜ਼ਰੂਰ ਸੰਪਰਕ ਕਰੋ।

MON - FRI | 9:00 AM 3:00 PM
+1 (228) 200-0001
www.ghumanlawgroup.org
2450 VENTURE OAKS WAY, STE 225 SACRAMENTO, CA


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702



ਬਰਜਿੰਦਰ ਕੌਰ ਬਿਸਰਾਓ
99889-01324

# ਮੋਹ ਦੀਆਂ ਤੰਦਾਂ

ਰੂਹੜ ਸਿੰਘ ਦੇ ਦੋ ਧੀਆਂ ਅਤੇ ਦੋ ਪੁੱਤਰ ਸਨ। ਚਾਰੇ ਵਿਆਹੇ ਹੋਏ ਸਨ। ਉਹ ਕਬੀਲਦਾਰੀ ਨਿਬੇੜ ਕੇ ਸੁਰਖ਼ਰੂ ਹੋ ਗਿਆ ਸੀ। ਉਂਝ ਉਹ ਬਹੁਤਾ ਦਿਮਾਗ਼ ਤੇ ਬੋਝ ਲੈਣ ਵਾਲ਼ਾ ਬੰਦਾ ਨਹੀਂ ਸੀ। ਕਦੇ ਕਦਾਈਂ ਜੇ ਉਸ ਦਾ ਜੀਅ ਕਰਦਾ ਤਾਂ ਕੁੜੀਆਂ ਨੂੰ ਮਿਲ਼ ਆਉਂਦਾ ਨਹੀਂ ਤਾਂ ਉਹ ਬਹੁਤੀ ਜ਼ਰੂਰਤ ਨਹੀਂ ਸਮਝਦਾ ਸੀ। ਮੁੰਡਿਆਂ ਨਾਲ ਵੀ ਕਈ ਵਾਰ ਔਖਾ ਭਾਰਾ ਹੋ ਕੇ ਬਿਨਾਂ ਦੱਸੇ ਕਈ ਕਈ ਦਿਨ ਧਾਰਮਿਕ ਸਥਾਨਾਂ ਤੇ ਰਹਿ ਕੇ ਆਪਣੇ ਆਪ ਵਾਪਸ ਆ ਜਾਂਦਾ ਸੀ। ਇਹ ਉਸ ਦੀ ਜਵਾਨੀ ਵੇਲੇ ਤੋਂ ਹੀ ਆਦਤ ਸੀ ਜਿਸ ਕਰਕੇ ਉਸ ਦੇ ਧੀਆਂ ਪੁੱਤਰ ਵੀ ਬਹੁਤੀ ਫ਼ਿਕਰ ਨਹੀਂ ਕਰਦੇ ਸਨ। ਪਰ ਇੱਕ ਦਿਨ ਉਹ ਰਾਤ ਨੂੰ ਚੰਗਾ ਭਲਾ ਸੁੱਤਾ ਤੇ ਸਵੇਰ ਨੂੰ ਉਹ ਉੱਠਿਆ ਈ ਨਹੀਂ। ਉਹ ਹੁਣ ਸਦਾ ਲਈ ਆਪਣੇ ਪਰਿਵਾਰ ਨੂੰ ਛੱਡ ਕੇ ਚਲਿਆ ਗਿਆ ਸੀ। ਉਸ ਦੀ ਘਰਵਾਲ਼ੀ ਚੰਦ ਕੌਰ ਤਾਂ ਉਸ ਤੋਂ ਵੀ ਦਸ ਵਰ੍ਹੇ ਪਹਿਲਾਂ ਦੁਨੀਆਂ ਨੂੰ ਅਲਵਿਦਾ ਕਹਿ ਗਈ ਸੀ।

ਰੂਹੜ ਸਿੰਘ ਦਾ ਵੱਡਾ ਮੁੰਡਾ ਸ਼ਾਮ ਸਿੰਘ ਸ਼ਹਿਰ ਰਹਿਣ ਲੱਗ ਪਿਆ ਸੀ ਤੇ ਉੱਥੇ ਆਪਣਾ ਕਾਰੋਬਾਰ ਸ਼ੁਰੂ ਕਰਕੇ ਸੋਹਣੀ ਕਮਾਈ ਕਰਦਾ ਤੇ ਆਪਣੇ ਟੱਬਰ ਨੂੰ ਵਧੀਆ ਪਾਲ਼ ਰਿਹਾ ਸੀ। ਛੋਟਾ ਮੁੰਡਾ ਰਾਮ ਸਿੰਘ ਪਿੰਡ ਵਿੱਚ ਰਹਿਕੇ ਹੀ ਦੋਹਾਂ ਭਾਈਆਂ ਦੀ ਸਾਂਝੀ ਜ਼ਮੀਨ ਦੀ ਖੇਤੀਬਾੜੀ ਕਰਕੇ ਆਪਣਾ ਟੱਬਰ ਪਾਲ ਰਿਹਾ ਸੀ। ਕੁਦਰਤੀ ਤੌਰ ਤੇ ਵੱਡੀ ਕੁੜੀ ਮੀਤੋ ਦਾ ਆਪਣੇ ਵੱਡੇ ਭਾਈ ਸ਼ਾਮ ਨਾਲ਼ ਬਹੁਤਾ ਪਿਆਰ ਸੀ ਤੇ ਛੋਟੀ ਕੁੜੀ ਅਮਰੋ ਦਾ ਆਪਣੇ ਛੋਟੇ ਭਾਈ ਰਾਮ ਸਿਉਂ ਵੱਲ ਝੁਕਾਅ ਸੀ। ਸ਼ਾਮ ਸਿਉਂ ਵੱਡੀ ਕੁੜੀ ਦੇ ਸਾਰੇ ਕਾਰ ਵਿਹਾਰ ਕਰਦਾ ਤੇ ਭਾਈਆਂ ਦੀ ਥਾਂ ਬਣ ਠਣ ਕੇ ਖੜ੍ਹਦਾ। ਉਸ ਦਾ ਇਹ ਭਣੋਈਆ ਹਰਨਾਮ ਸਿੰਘ ਵੀ ਬਹੁਤ ਬੀਬਾ ਬੰਦਾ ਸੀ। ਓਧਰ ਰਾਮ ਸਿਉਂ ਅਮਰੋ ਦੇ ਘਰ ਦਿਨ ਤਿਹਾਰ ਨੂੰ ਜ਼ਰੂਰ ਅੱਪੜਦਾ। ਉਂਝ ਵਿਆਹ ਸ਼ਾਦੀਆਂ ਨੂੰ ਤਾਂ ਦੋਹਾਂ ਕੁੜੀਆਂ ਦੇ ਜਵਾਕਾਂ ਦੀਆਂ ਨਾਨਕ ਛੱਕਾਂ ਦੋਹਾਂ ਭਰਾਵਾਂ ਨੇ ਰ਼ਲ ਕੇ ਭੁਗਤਾਈਆਂ ਸਨ। ਘਰ ਆਈਆਂ ਦਾ ਮਾਣ ਤਾਣ ਵੀ ਦੋਵੇਂ ਭਰਾ ਆਪਣੀ ਆਪਣੀ ਪਹੁੰਚ ਅਨੁਸਾਰ ਕਰਦੇ ਸਨ। ਵੈਸੇ ਵੀ ਮੀਤੋ ਤੇ ਅਮਰੋ ਚੰਗੀ ਜ਼ਮੀਨ ਤੇ ਚੰਗੀ ਖੇਤੀਬਾੜੀ ਵਾਲ਼ੇ ਘਰ ਪਰਿਵਾਰਾਂ ਵਿੱਚ ਵਿਆਹੀਆਂ ਹੋਣ ਕਰਕੇ ਉਹਨਾਂ ਨੂੰ ਕਮੀ ਤਾਂ ਕੋਈ ਨਹੀਂ ਸੀ ਪਰ ਭਰਾਵਾਂ ਵੱਲੋਂ ਭੈਣਾਂ ਦਾ ਕੀਤਾ ਹੋਇਆ ਥੋੜ੍ਹਾ ਜਿਹਾ ਮਾਣ ਤਾਣ ਹੀ ਕੁੜੀਆਂ ਦਾ ਸਹੁਰੇ ਪਰਿਵਾਰ ਵਿੱਚ ਸਿਰ ਉੱਚਾ ਕਰਕੇ ਰੱਖਦਾ ਹੈ। ਇਹਨਾਂ ਦੇ ਭਰਾਵਾਂ ਨੇ ਵੀ ਆਪਣੀਆਂ ਭੈਣਾਂ ਦਾ ਸਹੁਰੇ ਪਰਿਵਾਰ ਵਿੱਚ ਸਿਰ ਉੱਚਾ ਰੱਖਣ ਦੀ ਕੋਈ ਕਮੀ ਨਹੀਂ ਰੱਖੀ ਸੀ।

ਰੂਹੜ ਸਿੰਘ ਨੇ ਮਰਨ ਤੋਂ ਪਹਿਲਾਂ ਆਪਣੀ ਜ਼ਮੀਨ ਦੀ ਨਾ ਤਾਂ ਕੋਈ ਵਸੀਅਤ ਕਰਵਾਈ ਸੀ ਤੇ ਨਾ ਮੁੰਡਿਆਂ ਦੇ ਨਾਂ ਸਿੱਧੀ ਕਰਵਾਈ ਸੀ। ਜ਼ਮੀਨ ਜਾਇਦਾਦ ਨੂੰ ਲੈ ਕੇ ਹੌਲ਼ੀ ਹੌਲ਼ੀ ਕਨੂੰਨ ਬਦਲਣ ਦੇ ਨਾਲ ਨਾਲ ਲੋਕਾਂ ਦੀ ਸੋਚ ਵੀ ਬਦਲਣ ਲੱਗ ਪਈ ਸੀ। ਕਿਤੇ ਕਿਤੇ ਸੁਣਨ ਨੂੰ ਮਿਲਣਾ ਕਿ ਫਲਾਣੇ ਪਿੰਡ ਫ਼ਲਾਣਿਆਂ ਦੀ ਕੁੜੀ ਆਪਣੇ ਭਰਾਵਾਂ ਤੋਂ ਜ਼ਮੀਨ ਵਿੱਚੋਂ ਆਪਣਾ ਹੱਕ ਲੈ ਗਈ। ਇੱਕ ਦਿਨ ਹਰਨਾਮ ਸਿੰਘ ਸ਼ਾਮ ਸਿਉਂ ਕੋਲ਼ੇ ਆਇਆ ਤੇ ਆਖਣ ਲੱਗਿਆ," ਸ਼ਾਮ ਸਿਉਂ ਬਾਈ ਜੀ..... ਮੈਂ ਬਹੁਤ ਦਿਨਾਂ ਤੋਂ ਸੋਚ ਰਿਹਾ ਸੀ ਤੇਰੇ ਨਾਲ ਗੱਲ ਕਰਾਂ...... ਦੇਖ਼ ਆਪਣਾ ਸਰੀਰ ਤਾਂ ਹੁਣ ਆਏ ਦਿਨ ਘਟਦਾ ਈ ਐ...... ਮੈਂ ਕਹਿਨਾਂ ਤਹਿਸੀਲਦਾਰ ਦੇ ਜਾ ਕੇ ਆਪਣੀ ਭੈਣ ਤੋਂ ਪਹਿਲਾਂ ਓਹਦੇ ਹਿੱਸੇ ਦੀ.... ਜ਼ਮੀਨ ਆਪਣੇ ਨਾਂ ਚੜ੍ਹਵਾ ਲੈ...... ਕੱਲ੍ਹ ਨੂੰ ਜਵਾਕਾਂ ਦਾ ਕੋਈ ਭਰੋਸਾ ਨੀ ਹੁੰਦਾ..... ਮਤਾ ਸਾਡੇ ਅੱਖਾਂ ਮੀਟਦਿਆਂ ਈ ਕੋਈ ਰੱਫੜ ਪਾ ਕੇ ਬਹਿ ਜਾਣ.....!" ਉਸ ਦੀ ਗੱਲ ਸ਼ਾਮ ਸਿਉਂ ਦੇ ਵੀ ਦਿਲ ਨੂੰ ਚੰਗੀ ਲੱਗੀ ਤੇ ਮੀਤੋ ਆਪਣੇ ਹਿੱਸੇ ਦੀ ਜ਼ਮੀਨ ਵੱਡੇ ਭਰਾ ਦੇ ਨਾਂ ਕਰਾ ਕੇ ਸੁਰਖ਼ਰੂ ਹੋ ਗਈ।

ਓਧਰ ਅਮਰੋ ਵਿਉਂਤਾਂ ਘੜ ਰਹੀ ਸੀ ਤੇ ਆਪਣੇ ਮਨ ਵਿੱਚ ਹਿਸਾਬ ਕਿਤਾਬ ਲਾ ਰਹੀ ਸੀ ," ਮੈਂ ਆਪਣੇ ਹਿੱਸੇ ਦੀ ਜ਼ਮੀਨ ਵੇਚ ਕੇ ਆਪਣੇ ਤਿੰਨਾਂ ਪੁੱਤਾਂ ਨੂੰ ਇੱਕ ਇੱਕ ਟਰੈਕਟਰ ਲੈ ਦਿਊਂਗੀ ਤੇ ਜਿਹੜਾ ਪੈਸਾ ਵਧੂਗਾ, ਓਹਨੂੰ ਆਪਣੀ ਬੈਂਕ ਵਾਲ਼ੀ ਕਾਪੀ ਤੇ ਚੜ੍ਹਾ ਲਊਂਗੀ ....।" ਇਸ ਤਰ੍ਹਾਂ ਉਹ ਜਦ ਵੀ ਵਿਹਲੀ ਬੈਠਦੀ ਇਸ ਤਰ੍ਹਾਂ ਦੀਆਂ ਘਾੜਤਾਂ ਹੀ ਘੜਦੀ ਰਹਿੰਦੀ ਸੀ। ਇੱਕ ਦਿਨ ਰਾਮ ਸਿਉਂ ਉਸ ਕੋਲ ਆਇਆ ਤੇ ਦੱਸਿਆ," ਭੈਣੇ...... ਵੱਡੀ ਭੈਣ ਨੇ ਤਾਂ ਆਪਣੇ ਹਿੱਸੇ ਦੀ ਜ਼ਮੀਨ ਆਪਣੇ ਵੱਡੇ ਬਾਈ ਸ਼ਾਮ ਦੇ ਨਾਂ ਚੜ੍ਹਾਤੀ ਐ...... ਹੁਣ ਤੇਰਾ ਕੰਮ ਰਹਿ ਗਿਆ...... ਤੂੰ ਮੇਰੇ ਨਾਂ ਕਿੱਦਣ ਚੜ੍ਹਾਉਣੀ ਐ...... ਮੈਂ ਓਦਣ ਈ ਤੈਨੂੰ ਲੈਣ ਆ ਜਾਵਾਂਗਾ.....!"

ਇਹ ਸੁਣ ਕੇ ਅਮਰੋ ਤਾਂ ਤੌਰ ਭੌਰ ਹੋ ਗਈ। ਉਸ ਨੂੰ ਤਾਂ ਇੰਝ ਲੱਗਿਆ ਜਿਵੇਂ ਉਸ ਦੇ ਉਸਾਰੇ ਮਹਿਲ ਢਹਿ ਗਏ ਹੋਣ.... ਕਿਉਂ ਕਿ ਹੁਣ ਉਹ ਆਪਣੇ ਹਿੱਸੇ ਦੀ ਜਾਇਦਾਦ ਲੈ ਕੇ ਨਾ ਤਾਂ ਬੁਰੀ ਪੈਣਾ ਚਾਹੁੰਦੀ ਸੀ ਤੇ ਨਾ ਹੀ ਭਰਾਵਾਂ ਨਾਲੋਂ ਟੁੱਟਣਾ ਚਾਹੁੰਦੀ ਸੀ। ਉਸ ਨੂੰ ਉਸ ਦੇ ਪਤੀ ਜਾਂ ਪੁੱਤਾਂ ਵੱਲੋਂ ਵੀ ਪੇਕਿਆਂ ਤੋਂ ਆਪਣਾ ਹੱਕ ਲੈਣ ਲਈ ਕਦੇ ਨਹੀਂ ਕਿਹਾ ਗਿਆ ਸੀ। ਇਹ ਤਾਂ ਉਸ ਦੇ ਆਪਣੇ ਲਾਲਚ ਦੇ ਮਨਸੂਬੇ ਸਨ। ਐਨੇ ਨੂੰ ਉਸ ਦਾ ਪਤੀ ਵੀ ਆ ਗਿਆ ਤੇ ਉਸ ਨੇ ਆਪਣੇ ਸਾਲ਼ੇ ਨੂੰ ਪਿਆਰ ਨਾਲ ਮਿਲ ਕੇ ਆਉਣ ਦਾ ਕਾਰਨ ਪੁੱਛਿਆ," ਹੋਰ ਬਾਈ ਜੀ..... ਸਭ ਸੁੱਖ ਸਾਂਦ ਐ....? ਕਿਵੇਂ ਚੱਕਰ ਮਾਰਿਐ .....?" ਰਾਮ ਸਿਉਂ ਨੇ ਸਾਰੀ ਗੱਲ ਦੱਸੀ ਤਾਂ ਉਹ ਆਖਣ ਲੱਗਿਆ," ਗੱਲ ਈ ਕੋਈ ਨੀ ਬਾਈ ਜੀ....... ਤੁਸੀਂ ਦੱਸੋ ਕਿੱਦਣ ਆਈਏ..... ਮੈਂ ਆਪ ਥੋਡੀ ਭੈਣ ਨੂੰ ਲੈ ਕੇ ਆ ਜਾਵਾਂਗਾ....ਇਹ ਜ਼ਮੀਨ ਤੁਹਾਡੇ ਨਾਂ ਕਰਾ ਦਊਗੀ.....ਯਾਰ ਥੋਡੀ ਜ਼ਮੀਨ ਆ.... ਥੋਡੇ ਨਾਂ ਚੜ੍ਹਾਉਂਦਿਆਂ ਦਾ ਸਾਡਾ ਕੀ ਜਾਂਦਾ.... ਇਹ ਰਿਸ਼ਤੇ ਨਾਤੇ ਤਾਂ ਮੋਹ ਦੀਆਂ ਤੰਦਾਂ ਹੁੰਦੇ ਨੇ.... ਇਹਨਾਂ ਨੂੰ ਜ਼ਮੀਨ ਜਾਇਦਾਦ ਦੇ ਲਾਲਚ ਵਿੱਚ ਆ ਕੇ ਉਲਝਾਉਣਾ ਥੋੜ੍ਹਾ ਚਾਹੀਦੈ.... ਨਾਲ਼ ਦੇ ਜੰਮੇ ਭੈਣ ਭਾਈ ਕਿਤੇ ਮਿਲ਼ਦੇ ਆ.....!" ਅਮਰੋ ਕੋਲ਼ ਬੈਠੀ ਆਪਣੇ ਪਤੀ ਦੇ ਮੂੰਹੋਂ ਇਹ ਸਭ ਸੁਣ ਕੇ ਆਪਣੇ ਆਪ ਨੂੰ ਸ਼ਰਮਿੰਦਾ ਮਹਿਸੂਸ ਕਰਦੀ ਹੋਈ ਸੋਚਦੀ ਹੈ," .... ਮੈਂ ਆਪਣੇ ਪੈਰੀਂ ਆਪ ਕੁਹਾੜਾ ਮਾਰਨ ਲੱਗੀ ਸੀ... ਮੈਨੂੰ ਕਮੀ ਕਿਸ ਗੱਲ ਦੀ ਐ .... ਨਾਲ਼ੇ ਮੇਰੇ ਭਰਾਵਾਂ ਨੇ ਕਿਹੜਾ ਕਦੇ..... ਕੁਛ ਲੁਕੋ ਕੇ ਰੱਖਿਆ.... ਠੀਕ ਈ ਤਾਂ ਕਹਿੰਦਾ ਇਹ ....ਸੱਚਮੁੱਚ ਇਹ ਰਿਸ਼ਤੇ ਮੋਹ ਦੀਆਂ ਤੰਦਾਂ ਹੀ ਤਾਂ ਹੁੰਦੇ ਨੇ..... ਥੋੜ੍ਹੇ ਜਿਹੇ ਲਾਲਚ ਵਿੱਚ ਆ ਕੇ....ਇਹਨਾਂ ਨੂੰ ਮੈਂ ਕਿਉਂ ਉਲਝਾਉਣ ਲੱਗੀ ਸੀ....?"

Now Open New Banquet Hall in Sacramento
For more info: Contact Paul : (916)334-6000




JK TYRE INC
JKTYRE
TOTAL CONTROL
KTD10-LEAO
Radial Truck Tire (Long Haul)
295/75R22.5
$2600
With Installation
Singh: 510-766-9382
JK JETSTEEL JDH
SPECIAL OFFER !!
DRIVE TIRE
11R22.5-
With Installation
Singh: 510-766-9382
Firestone FS591
SPECIAL OFFER !!
STEER TIRE
295/75R22.5
With Installation
Singh: 510-766-9382
11R22.5
With Installation
Singh: 510-766-9382
Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5
JETWAY JTH 1
SPECIAL OFFER !!
TRAILER TIRE
11R22.5-
11R24.5-
With Installation
Singh: 510-766-9382
JETWAY JTH SD
SPECIAL OFFER !!
TRAILER TIRE
295/75R22.5-
With Installation
Singh: 510-766-9382
JK JETSTEEL JDL2
SPECIAL OFFER !!
DRIVE TIRE
11R22.5-
11R24.5-
295/75R22.5-
With Installation
Singh: 510-766-9382
FALKEN TIRES
GOODYEAR
KELLY TIRES
Feel the difference
BARKLEY
PIRELLI
MICHELIN
A better way forward
BRIDGESTONE
Firestone
YOKOHAMA
PEARLY
NAMA
TOYO TIRES
driven to perform
Continental
DUNLOP TIRES
S. Singh Cell: (510) 766-9382
2955 N. Wilson Way Stockton , CA 95205





ਕਈ ਵੀਰਾਂ ਦੇ
**LICENSE CANCEL**
ਹੋ ਰਹੇ ਹਨ ਤੇ ਹੁਣ
ਉਹ ਆਪਣਾ ਟਰੱਕ ਵੀ ਨਹੀਂ
ਚਲਾ ਸਕਦੇ।

## ਕਿਉਂਕਿ DMV ਕਈ ਲੋਕਾਂ ਦੇ CDL License Cancel ਕਰ ਰਿਹਾ

ਖਾਸ ਕਰਕੇ ਉਹਨਾਂ ਦੇ ਜਿਨ੍ਹਾਂ ਕੋਲ

**Green Card ਨਹੀਂ ਹੈ | I-485 Application ਅਜੇ Pending ਹੈ।**

# Ghuman Law Group ਤੁਹਾਡੇ ਨਾਲ ਹੈ

ਅਸੀਂ ਤੁਹਾਡੀ ਮਦਦ ਕਰ ਸਕਦੇ ਹਾਂ :


Green Card Case ਨੂੰ ਜਲਦੀ ਹੱਲ ਕਰਨ ਵਿੱਚ


CDL ਅਤੇ ਕੰਮ ਨੂੰ ਬਚਾਉਣ ਲਈ Legal Guidance


Deportation ਜਾਂ Immigration Detention Cases ਵਿੱਚ Legal Advice


Appeals ਅਤੇ Immigration Process ਵਿੱਚ ਸਹਾਇਤਾ


Estate Planning ਰਾਹੀਂ Property ਅਤੇ Assets ਨੂੰ safe ਕਰਨ ਵਿੱਚ ਮਦਦ


ਤੁਹਾਡੇ ਪਰਿਵਾਰ ਦੇ ਭਵਿੱਖ ਨੂੰ Secure ਬਣਾਉਣ ਵਿੱਚ ਸਹਾਇਤਾ

GHUMAN LAW GROUP INC.
Criminal Defense, Family and Immigration Law

Deportation ਜਾਂ Immigration Process ਦੇ ਦੌਰਾਨ ਘਰ, ਨੌਕਰੀ, ਜਾਇਦਾਦ ਤੇ ਮਿਹਨਤ ਦੀ ਕਮਾਈ ਤਕ ਖਤਰੇ ਵਿੱਚ ਪੈ ਸਕਦੇ ਹਨ

**ਹੁਣੇ ਸੰਪਰਕ ਕਰੋ : (228) 200-0001 (ਮੁਫ਼ਤ ਸਲਾਹ ਵੀ ਉਪਲਬਧ ਹੈ)**

Ghuman Law Group ਤੁਹਾਡੇ ਹੱਕਾਂ ਦੀ ਮਜ਼ਬੂਤ ਆਵਾਜ਼ | ਤੁਹਾਡਾ Legal Partner


SUNSHINE AUTO CARE INC
WE REPAIR ALL"
AUTO • DIESEL TRUCKS • TRAILERS
All Makes & Models
FULL SERVICE AUTO & DIESEL REPAIR
Engine Diagnostics
Brake Service
Engine Diagnostics
Brake Service
Suspension & Steering
Diesel Truck Repair
Trailer Repair
Reliable • Professional • Fast Service
1003 MOFFAT BLVD.• MANTECA, CA 95336
209-239-1551

# .ਗ਼ਜ਼ਲ

ਮਾਨਵਤਾ ਵਿੱਚ ਐਸੀ ਊਰਜਾ ਭਰਦਾ ਹੈ ਅਧਿਆਪਕ.
ਸੂਰਜ ਚੰਨ ਸਿਤਾਰੇ ਪੈਦਾ ਕਰਦਾ ਹੈ ਅਧਿਆਪਕ.
ਉਮੀਦਾਂ ਨੂੰ ਇੱਕ ਬੁਲੰਦੀ ਤਕ ਪਹੁੰਚਾਉਂਦਾ ਹੈ,
ਖੁਦ ਉਹ ਭਾਵੇਂ ਅੱਗ ਦਾ ਸਾਗਰ ਤਰਦਾ ਹੈ ਅਧਿਆਪਕ.
ਖ਼ੁਸ਼ਹਾਲੀ ਹਰਿਆਲੀ ਇੱਕ ਸੰਦੇਸ਼ਾਂ ਦਿੰਦੀ ਹੈ,
ਬੱਦਲਾਂ ਵਾਗੂੰ ਧਰਤੀ ਉਪਰ ਵਰ੍ਹਦਾ ਹੈ ਅਧਿਆਪਕ,
ਅਨੁਯਾਈ ਦੇ ਹਿੱਤਾਂ ਦੀ ਰਖਵਾਲੀ ਏਦਾਂ ਕਰਦਾ,
ਜੀ ਕੇ ਮਰਦਾ, ਮਰਕੇ ਜੀ ਕੇ ਮਰਦਾ ਹੈ ਅਧਿਆਪਕ,
ਬੋਹੜ ਦੇ ਰੁੱਖ ਦੇ ਵਾਗੂੰ ਅਪਣੀਂ ਰਖਦਾ ਹੈ ਮਰਿਆਦਾ,
ਧੁੱਪਾਂ ਛਾਵਾਂ ਦਾ ਪਰਿਵਰਤਨ ਜਰਦਾ ਹੈ ਅਧਿਆਪਕ,
ਦਰਿਆਵਾਂ ਦੀ ਹੋਂਦ ਸਥਾਪਿਤ ਹੁੰਦੀ ਇਸ ਦੇ ਵਿਚੋਂ,
ਬਰਫ਼ਾਂ ਦੇ ਵਿਚ ਪਰਬਤ ਵਾਂਗੂੰ ਠਰਦਾ ਹੈ ਅਧਿਆਪਕ,
ਅਪਣੀਂ ਸਿਰਜਨਤਾ ਦੀ ਖ਼ੁਸ਼ਬੂ ਚਾਰ ਚੁਫ਼ੇਰੇ ਵੰਡੇ,
ਨਾ ਕਿਸੇ ਤੋਂ ਜਿਤਦਾ ਹੀ ਹੈ, ਨਾ ਹਰਦਾ ਹੈ ਅਧਿਆਪਕ,
ਬਾਲਮ ਇਕ ਅਨੁਸ਼ਾਸਨ ਉਨਤੀ ਸੰਕਲਪ ਦਯਾ ਤੇ ਸੰਜਮ,
ਵਕਤ ਦੇ ਪੈਰਾਂ ਹੇਠ ਹਥੇਲੀ ਧਰਦਾ ਹੈ ਅਧਿਆਪਕ।



ਬਲਵਿੰਦਰ ਬਾਲਮ
ਓਂਕਾਰ ਨਗਰ
ਗੁਰਦਾਸਪੁਰ (ਪੰਜਾਬ)
98156-25409

# ਵਿਪਰੀਤੀ ਜਜ਼ਬੇ

ਕੀ ਕਹਾਂ ਕਿ ਦਿਲ ਤੈਨੂੰ, ਕਿਸ ਹੈ ਦਿੱਤਾ ਧੋਖਾ,
ਕਿਉਂ ਉਹ ਤੈਨੂੰ ਛੱਡ ਗਿਆ, ਹੋ ਕੇ ਬੜਾ ਔਖਾ।
ਕੌਣ ਸੀ ਜੋ ਭੁੱਖ ਦਾ, ਪਰਸ਼ਾਦ ਵੰਡ ਗਿਆ,
ਕਿ ਹਰ ਮੰਗਤਾ ਖਾ ਖਾ ਕੇ, ਹੋ ਗਿਆ ਮੋਟਾ।
ਜਿਹੜਾ ਸਿੱਕਾ ਉੱਛਲ ਕੇ, ਕਿਸਮਤ ਬਦਲ ਗਿਆ,
ਪਾਰਖੂ ਦੀ ਪਰਖ ਵਿੱਚ, ਨਿਕਲਿਆ ਉਹੀ ਖੋਟਾ।
ਫੈਸਲਾਕੁਨ ਕਿਵੇਂ ਹੋਵੇਗਾ, ਹੁਕਮਰਾਨ ਦਾ ਕੇਸ,
ਜੋ ਸੱਚ ਨੂੰ ਸੂਲ਼ੀ ਟੰਗ ਗਿਆ, ਦੇ ਕੇ ਕਾਨੂੰਨੀ ਹੋਕਾ।
ਜਦ ਕੱਚਾ ਘੜਾ ਹੀ ਵਫਾ ਦੀ, ਬਾਜ਼ੀ ਜਿੱਤ ਗਿਆ,
ਸਦੀਆਂ ਤੋਂ ਸ਼ੂਕਦੇ ਦਰਿਆ ਨੂੰ, ਮਾਰ ਗਿਆ ਸੋਕਾ।
ਸ਼ਮਸ਼ਾਨ ਨੇ ਉਸ ਨੂੰ ਵੀ, ਜੀ ਆਇਆਂ ਕਿਹਾ ਹੱਸ ਕੇ,
ਜੋ ਦਿੰਦਾ ਰਿਹਾ ਦੁਨੀਆ ਨੂੰ, ਦਿਨ ਰਾਤ ਬੜਾ ਧੋਖਾ।
ਲੜਨਾ ਰਹੇਗਾ ਜਾਰੀ, ਕਿਆਮਤ ਦੇ ਰੋਜ਼ ਤੱਕ,
ਇਨਸਾਨੀਅਤ ਦਾ ਜਜ਼ਬਾ, ਕਮਜ਼ੋਰ ਨਹੀਂ ਲੋਕਾ!



ਰਵਿੰਦਰ ਸਿੰਘ ਕੁੰਦਰਾ
ਕਵੈਂਟਰੀ ਯੂ.ਕੇ
+44 77487-72308

LARRY T. NIERMEYER
Attorney at Law



OFFERING SERVICES IN THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com


ATWAL
IMMIGRATION SERVICES
ATWAL
TAX & IMMIGRATION
SERVICES
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com

WE HAVE THE CHEAPEST FARES TO INDIA

# LEGEND TRAVEL



JATINDER SINGH

arc accredited agency
CST # 207524-40

Special Fares To India From West-coast (us) On Air India Direct Flights




LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108, FREMONT CA 94536 PH.: 510-797-9010

Website: www.legendamerica.net

Emirates | CATHAY PACIFIC | ASIANA AIRLINES | JET AIRWAYS | CHINA AIRLINES | BRITISH AIRWAYS | SINGAPORE AIRLINES | Lufthansa | ANA